ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 20 ਅਗਸਤ 2024 (ਨਾਨਕਸ਼ਾਹੀ ਸੰਮਤ : ੫੫੬, ੫ ਭਾਦਰੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

# ਗੁਰਦੀਪ ਸਿੰਘ ਖੈੜਾ ਦੇ ਝੂਠੇ ਬਿਆਨਾਂ ਨਾਲ ਸੁਖਬੀਰ ਸਿੰਘ ਬਾਦਲ ਆਪਣੇ ਬੱਜਰ ਗੁਨਾਹਾਂ ਤੋਂ ਬਰੀ ਨਹੀਂ ਹੋ ਸਕਦਾ : ਸਿੰਘ ਸਾਹਿਬ

ਜਲੰਧਰ 19 ਅਗਸਤ (ਆਵਾਜ਼ਿ ਕੌਮ ਬਿਊਰੋ)-



ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਬੰਦੀ ਸਿੰਘ ਭਾਈ ਗੁਰਦੀਪ ਸਿੰਘ ਖੈੜਾ ਵੱਲੋਂ ਬਾਬਾ ਬਕਾਲਾ ਸਾਹਿਬ ਵਿਖੇ ਬਾਦਲ ਅਕਾਲੀ ਦਲ ਦੀ ਸਟੇਜ ਤੋਂ ਕੀਤੀ ਗਈ ਝੂਠੀ ਬਿਆਨਬਾਜ਼ੀ ਸਬੰਧੀ ਕਿਹਾ ਕਿ ਸੁਖਬੀਰ ਸਿੰਘ ਬਾਦਲ ਇਸ ਤਰ੍ਹਾਂ ਦੀ ਬਿਆਨਬਾਜ਼ੀ ਬੰਦੀ ਸਿੰਘਾਂ ਤੋਂ ਕਰਵਾ ਕੇ ਆਪਣੇ ਕੀਤੇ ਬੱਜਰ ਗੁਨਾਹਾਂ ਤੋਂ ਬਰੀ ਨਹੀਂ ਹੋ ਸਕਦਾ। ਸਿੰਘ ਸਾਹਿਬ ਨੇ ਕਿਹਾ ਕਿ ਅਸੀਂ ਸਾਰੇ ਬੰਦੀ ਸਿੰਘਾਂ ਨੂੰ ਪੂਰਾ ਬਣਦਾ ਸਤਿਕਾਰ ਹਮੇਸ਼ਾ ਹੀ ਦਿੱਤਾ ਹੈ ਅਤੇ ਉਨ੍ਹਾਂ ਦੀ ਵਿੱਤ ਤੋਂ ਵੱਧ ਮਦਦ ਕਰਨ ਦੀ ਕੋਸ਼ਿਸ਼ ਕੀਤੀ ਹੈ। ਇਸ ਦੇ ਨਾਲ ਹੀ ਸਾਰੇ ਬੰਦੀ ਸਿੰਘਾਂ ਦੇ ਕੇਸਾਂ ਜਾਂ ਪੈਰੋਲ ਲਈ ਵੀ ਵੱਧ ਤੋਂ ਵੱਧ ਪੈਰਵਾਈ ਦੀ ਕੋਸ਼ਿਸ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਖਾਸ ਕਰਕੇ ਭਾਈ ਗੁਰਦੀਪ ਸਿੰਘ ਖੈੜਾ ਦੇ ਕੇਸ ਵਿਚ ਕਰਨਾਟਕ ਸਰਕਾਰ ਤੱਕ ਪਹੁੰਚ ਕਰਕੇ ਉਨ੍ਹਾਂ ਦੀ ਪੰਜਾਬ ਵਿਚ ਬਦਲੀ ਕਰਵਾਈ। ਇਸ ਮਾਮਲੇ ਵਿਚ ਭਾਈ ਗੁਰਦੀਪ ਸਿੰਘ ਬਠਿੰਡਾ ਨੇ ਵੀ ਅਹਿਮ ਜ਼ਿੰਮੇਵਾਰੀ ਨਿਭਾਈ। ਸਿੰਘ ਸਾਹਿਬ ਨੇ ਇਹ ਵੀ ਕਿਹਾ ਕਿ ਜਦੋਂ ਗੁਰਦੀਪ ਸਿੰਘ ਖੈੜਾ ਕਰਨਾਟਕ ਜੇਲ੍ਹ ਵਿਚ ਬੰਦ ਸੀ ਤਾਂ ਉਸ ਸਮੇਂ ਇਨ੍ਹਾਂ ਦੇ ਕਹਿਣ 'ਤੇ ਇਨ੍ਹਾਂ ਦੇ ਸਤਿਕਾਰਯੋਗ ਪਿਤਾ ਦਾ ਇਲਾਜ ਕਰਵਾਇਆ ਗਿਆ। ਸਿੰਘ ਸਾਹਿਬ ਨੇ ਕਿਹਾ ਕਿ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਵੀ ਭਾਈ ਗੁਰਦੀਪ ਸਿੰਘ ਖੈੜਾ ਦੀ ਸਮੇਂ ਸਮੇਂ ਵਿੱਤ ਅਨੁਸਾਰ ਅਨੇਕਾਂ ਵਾਰ ਵਿੱਤੀ ਮਦਦ ਕੀਤੀ ਗਈ। ਇਸ ਬਾਰੇ ਭਾਈ ਗੁਰਦੀਪ ਸਿੰਘ ਖੈੜਾ ਨੇ ਖੁਦ ਵੀ 2008 ਵਿਚ ਇਕ ਵਿਸ਼ੇਸ਼ ਇੰਟਰਵਿਊ ਦਿੰਦਿਆਂ ਸਾਡੇ ਵੱਲੋਂ ਕੀਤੀ ਗਈ ਮਦਦ ਦਾ ਬਾਖੂਬੀ ਜ਼ਿਕਰ ਕੀਤਾ ਹੈ। ਇਹ ਇੰਟਰਵਿਊ ਉਸ ਸਮੇਂ ਅਕਾਲ ਚੈਨਲ ਰਾਹੀਂ ਸੰਗਤਾਂ ਤੱਕ ਪਹੁੰਚਾਈ ਗਈ ਸੀ। 2008 ਤੋਂ ਬਾਅਦ ਭਾਈ ਗੁਰਦੀਪ ਸਿੰਘ ਖੈੜਾ ਦੀ ਬਾਈਪਾਸ ਸਰਜਰੀ ਹੋਣ ਤੱਕ ਇੰਟਰਨੈਸ਼ਨਲ ਪੰਥਕ ਦਲ ਨੇ ਉਨ੍ਹਾਂ ਦਾ ਹਮੇਸ਼ਾ ਸਾਥ ਦਿੱਤਾ। ਪਰ ਹੁਣ ਅੱਜ ਅਚਾਨਕ ਹੀ ਸੁਖਬੀਰ ਸਿੰਘ ਬਾਦਲ ਦੇ ਕਹਿਣ 'ਤੇ ਭਾਈ ਗੁਰਦੀਪ ਸਿੰਘ ਖੈੜਾ ਨੇ ਆਪਣੀ ਕਹੀਆਂ ਗੱਲਾਂ ਦੇ ਉਲਟ ਜਾ ਕੇ ਝੂਠ ਬੋਲਿਆ ਹੈ। ਕਿਸੇ ਦੇ ਦਬਾਅ ਹੇਠ ਆ ਕੇ ਕਿਸੇ ਵੀ ਹੱਦ ਤੱਕ ਜਾ ਕੇ ਇਸ ਤਰ੍ਹਾਂ ਦੀ ਗ਼ਲਤ ਬਿਆਨਬਾਜ਼ੀ ਸ਼ੋਭਦੀ ਨਹੀਂ ਹੈ। ਸਿੰਘ ਸਾਹਿਬ ਨੇ ਕਿਹਾ ਕਿ ਅਸੀਂ ਸੁਖਬੀਰ ਸਿੰਘ ਬਾਦਲ ਨੂੰ ਵੀ ਕਹਿਣਾ ਚਾਹੁੰਦੇ ਹਾਂ ਕਿ ਪਹਿਲਾਂ ਤੁਸੀਂ ਜਥੇਦਾਰ ਸਾਹਿਬਾਨ ਦੇ ਰੁਤਬੇ ਆਪਣੇ ਹਿੱਤਾਂ ਲਈ ਰੋਲੇ ਹਨ ਅਤੇ ਹੁਣ ਬੰਦੀ ਸਿੰਘਾਂ ਦੀ ਕੁਰਬਾਨੀ ਨੂੰ ਸਹਾਰਾ ਬਣਾ ਕੇ ਆਪਣੇ ਵੱਲੋਂ ਕੀਤੇ ਬੱਜਰ ਗੁਨਾਹਾਂ ਤੋਂ ਬਚਣ ਦੀ ਨਾਕਾਮ ਕੋਸ਼ਿਸ਼ ਕਰ ਰਹੇ ਹੋ। ਸਿੰਘ ਸਾਹਿਬ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਇਸ ਮਾਮਲੇ ਵਿਚ ਕਦੇ ਵੀ ਕਾਮਯਾਬ ਨਹੀਂ ਹੋ ਸਕਦੇ ਕਿਉਂਕਿ ਉਨ੍ਹਾਂ ਵੱਲੋਂ ਕੀਤੇ ਗੁਨਾਹਾਂ ਦਾ ਸੱਚ ਬਹੁਤ ਵੱਡੀ ਹੱਦ ਤੱਕ ਉਜਾਗਰ ਹੋ ਚੁੱਕਾ ਹੈ, ਜਿਸ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਅਤੇ ਹੋਰ ਸਿੰਘ ਸਾਹਿਬਾਨ ਨਜ਼ਰਅੰਦਾਜ਼ ਨਹੀਂ ਕਰ ਸਕਦੇ। ਸੁਖਬੀਰ ਸਿੰਘ ਬਾਦਲ ਨੂੰ ਸ਼ਾਇਦ ਇਹੋ ਡਰ ਹੀ ਸਤਾ ਰਿਹਾ ਹੈ ਕਿ ਸਿੰਘ ਸਾਹਿਬਾਨ ਦੀ ਕਾਰਵਾਈ ਉਨ੍ਹਾਂ ਦਾ ਸਿਆਸੀ ਭਵਿੱਖ ਤਬਾਹ ਕਰ ਸਕਦੀ ਹੈ। ਇਸ ਲਈ ਉਸ ਵੱਲੋਂ ਦਰਜਾ-ਬਦਰਜਾ ਬੰਦੀ ਸਿੰਘਾਂ ਦੀ ਮਹਾਨ ਕੁਰਬਾਨੀ ਨੂੰ ਦਾਅ 'ਤੇ ਲਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਬਾਬਾ ਬਕਾਲਾ ਸਾਹਿਬ ਦੇ ਜੋੜ ਮੇਲੇ ਤੇ ਡਿਬਰੂਗੜ ਜੇਲ੍ਹ ਵਿੱਚ ਬੰਦ ਭਾਈ ਅੰਮ੍ਰਿਤਪਾਲ ਸਿੰਘ ਦੇ ਸੱਦੇ ਤੇ ਕੀਤੀ ਪੰਥਕ ਕਾਨਫ਼ਰੰਸ ਬਾਕੀ ਦੋਵਾਂ ਸਿਆਸੀ ਕਾਨਫ਼ਰੰਸਾਂ ਤੋਂ ਗਿਣਤੀ ਪੱਖੋਂ ਵੱਡੀ ਹੋ ਨਿੱਬੜੀ

# ਪੰਥਕ ਇਕੱਠ ਨੇ ਮਤੇ ਰਾਹੀ ਅਕਾਲੀ ਦਲ ਨੂੰ ਦੁਬਾਰਾ ਖੜ੍ਹਾ ਕਰਨ ਲਈ ਇਤਿਹਾਸ ਤੋਂ ਸੇਧ ਲੈਂਦਿਆਂ ਪਿੰਡ ਪੱਧਰ ਤੇ ਅਕਾਲੀ ਜਥੇ ਬਣਾਉਣ ਦਾ ਦਿੱਤਾ ਸੱਦਾ




☛ ਗੁਰੂ ਦੀ ਅਸੀਸ ਸਦਕਾ ਹੀ ਖ਼ਾਲਸਾ ਹਰ ਮੈਦਾਨ ਫ਼ਤਿਹ ਕਰੇਗਾ- ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਐੱਮ ਪੀ

☛ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਸਾਰੀਆਂ ਇਮਾਨਦਾਰ ਧਿਰਾਂ ਅਤੇ ਸ਼ਖ਼ਸੀਅਤਾਂ ਦੇ ਸਾਂਝੇ ਸਹਿਯੋਗ ਨਾਲ ਲੜੀਆਂ ਜਾਣ

ਮੁਕੰਮਲ ਖ਼ਬਰ ਪੰਨਾ 18-19 'ਤੇ ਪੜ੍ਹੋ



# Nankana Sahib Yatra Committe Uk



## pakistan gurdwara yatra

**6th november to 16th november 2024 yatra includes 25+ gurudwara sahib darshan .Accommodation in hotels and travel within pakistan and yatra start to finish point in AC coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK


- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ

Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

***Raghbir Singh Walsal***

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243






ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

**Khehra VAISHNO DHABA**

BREAKFAST LUNCH DINNER

OUR SPECIALIZATION : Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian

Jalandhar-Amritsar G.T. Road

NEAR JANDIALA GURU

Contact

98610-00057, 99152-32757



We Accept Online & Card Payment



# ਪੰਜਾਬੀ

## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ

ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ

ੋ ਹੋੜਾ, ੌ ਕਨੌੜਾ, ੰ ਟਿੱਪੀ, ਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ
ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ
ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ
ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ
ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ
ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ
ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ
ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ
ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ
ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ
ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ
ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

# HAYES PLANT HIRE

WE TRAIN YOU GAIN

NPORS ACCREDITED



Telescopic Handler



Excavator 360



Road Roller



Forward Tipping Dumper



Tractor



Dozer

Plant Training and Testing on All CATEGORIES OF **MACHINERY.**



Dump Truck

# HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

**CONTACT- 07831543004**

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

CALL US TO BOOK YOUR CSCS LEVEL ONE COURSE.

**07715 1-28621**







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**

## ਸੱਚਖੰਡ ਵਾਸੀ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੀ

# ਬਰਸੀ ਗੁਰਦੁਆਰਾ ਬਾਬਾ ਸੰਗ ਵਿਖੇ ਧੂਮਧਾਮ ਨਾਲ ਮਨਾਈ ਗਈ



















17 ਅਗਸਤ 2024 ਦਿਨ ਸਨਿਚਰਵਾਰ ਸੰਤ ਬਾਬਾ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੀ ਸਲਾਨਾ ਬਰਸੀ ਗੁਰਦੁਆਰਾ ਬਾਬਾ ਸੰਗ ਵਿਖੇ ਮਨਾਈ ਗਈ ਜਿੱਥੇ ਕੀਰਤਨੀ ਜਥੇ ਅਤੇ ਸਿੱਖ ਪ੍ਰਚਾਰਕਾਂ ਨੇ ਗੁਰਬਾਣੀ ਦਾ ਪ੍ਰਚਾਰ ਕੀਤਾ ਉਥੇ ਹੀ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਨੇ ਸੰਤ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੇ ਜੀਵਨ ਵਿੱਚੋਂ ਤੇ ਉਹਨਾਂ ਵੱਲੋਂ ਕੀਤੀ ਖਾਲਸਾ ਪੰਥ ਲਈ ਕੁਰਬਾਨੀ ਅਤੇ ਸਿੱਖ ਪ੍ਰਚਾਰ ਲਈ ਕੀਤੀ ਸੇਵਾ ਬਾਰੇ ਸ਼ੰ.ਗਤਾਂ ਨੂੰ ਜਾਣੂ ਕਰਵਾਇਆ ਸੰਗਤਾਂ ਨੂੰ ਅਪੀਲ ਕੀਤੀ ਕਿ ਅੱਜ ਵੀ ਲੋੜ ਹੈ ਗੁਰੂ ਪਾਤਸ਼ਾਹ ਜੀ ਦੇ ਦੱਸੇ ਹੋਏ ਮਾਰਗ ਤੇ ਚੱਲ ਕਿ ਆਪਣੇ ਮਨੁੱਖੀ ਜੀਵਨ ਸਫਲ ਕਰੀਏ ਅਤੇ ਕੌਮ ਲਈ ਚੱਲ ਰਹੇ ਸੰਘਰਸ਼ ਦੇ ਵਿੱਚ ਆਪਣਾ ਬਣਦਾ ਯੋਗਦਾਨ ਪਾਈਏ । ਸਮਾਗਮ ਦੌਰਾਨ ਸ਼ਹੀਦ ਪਰਿਵਾਰਾਂ ਨੂੰ ਵੀ।ਕੀਤਾ ਗਿਆ ਉਥੇ ਹੀ ਗੁਰਦੁਆਰਾ ਕਮੇਟੀ ਵੱਲੋਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਜੀ ਦਾ ਸਨਮਾਨ ਵੀ ਪ੍ਰਬੰਧਕਾਂ ਵੱਲੋਂ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




## ਪੰਜਾਬ 'ਚ ਵੱਡਾ ਹਾਦਸਾ, ਹਾਈਵੇਅ 'ਤੇ ਪਲਟੀ ਸਵਾਰੀਆਂ ਨਾਲ ਭਰੀ ਬੱਸ, ਮਚਿਆ ਚੀਕ-ਚਿਹਾੜਾ



**ਟਾਂਡਾ ਉੜਮੁੜ, 19 ਅਗਸਤ (ਆਵਾਜ਼ਿ ਕੌਮ ਬਿਊਰੋ)**-ਜਲੰਧਰ-ਪਠਾਨਕੋਟ ਨੈਸ਼ਨਲ ਹਾਈਵੇਅ 'ਤੇ ਪਿੰਡ ਪਵੇਂ ਝਿੰਗੜਾਂ ਨੇੜੇ ਇਕ ਨਿੱਜੀ ਕੰਪਨੀ ਦੀ ਸਵਾਰੀਆਂ ਨਾਲ ਭਰੀ ਬੱਸ ਬੇਕਾਬੂ ਹੋ ਕੇ ਪਲਟ ਗਈ। ਬੱਸ ਵਿੱਚ ਵੱਡੀ ਗਿਣਤੀ ਵਿੱਚ ਸਵਾਰੀਆਂ ਸਵਾਰ ਸਨ ਅਤੇ ਇਹ ਬੱਸ ਪਠਾਨਕੋਟ ਤੋਂ ਜਲੰਧਰ ਆ ਰਹੀ ਸੀ। ਇਹ ਭਿਆਨਕ ਹਾਦਸੇ ਨਾਲ ਸਾਰੇ ਪਾਸੇ ਚੀਕ-ਚਿਹਾੜਾ ਮੱਚ ਗਿਆ। ਬੱਸ ਵਿਚ ਸਵਾਰ ਸਵਾਰੀਆਂ ਨੂੰ ਗੰਭੀਰ ਸੱਟਾਂ ਲੱਗੀਆਂ ਹਨ ਅਤੇ ਮੌਕੇ ਉਤੇ ਜ਼ਖ਼ਮੀਆਂ ਨੂੰ ਸੜਕ ਸੁਰੱਖਿਆ ਫੋਰਸ ਦੀ ਟੀਮ ਵੱਲੋਂ ਦਸੂਹਾ ਅਤੇ ਟਾਂਡਾ ਦੇ ਸਰਕਾਰੀ ਹਸਪਤਾਲ ਵਿਚ ਲਿਜਾਇਆ ਜਾ ਰਿਹਾ ਹੈ। ਇਹ ਵੀ ਪੜ੍ਹੋ- ਪ੍ਰਵਾਸੀ ਮਜ਼ਦੂਰ ਦਾ ਬੇਰਹਿਮੀ ਨਾਲ ਕਤਲ, ਗੰਨੇ ਦੇ ਖੇਤਾਂ 'ਚੋਂ ਮਿਲੀ ਖ਼ੂਨ ਨਾਲ ਲਥਪਥ ਲਾਸ਼ਹਾਦਸੇ ਦੀ ਸੂਚਨਾ ਮਿਲਦਿਆਂ ਹੀ ਦਸੂਹਾ ਅਤੇ ਟਾਂਡਾ ਦੀ ਪੁਲਸ ਨੇ ਮੌਕੇ 'ਤੇ ਪਹੁੰਚ ਚੁੱਕੇ ਬਚਾਅ ਕਾਰਜ ਸ਼ੁਰੂ ਕੀਤੇ ਅਤੇ ਸਵਾਰੀਆਂ ਨੂੰ ਟਾਂਡਾ ਅਤੇ ਦਸੂਹਾ ਦੇ ਸਿਵਲ ਹਸਪਤਾਲ ਵਿੱਚ ਦਾਖ਼ਲ ਕਰਵਾਇਆ। ਉਥੇ ਹੀ ਦੂਜੇ ਪਾਸੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੀਆਂ ਐਂਬੂਲੈਂਸਾਂ ਵੀ ਬਚਾਅ ਕਾਰਜਾਂ ਵਿੱਚ ਜੁੱਟ ਗਈਆਂ ਹਨ। ਬੱਸ 'ਚ ਲਗਭਗ 30-35 ਸਵਾਰੀਆਂ ਸਵਾਰ ਸਨ। ਪ੍ਰਾਪਤ ਸੂਚਨਾ ਮੁਤਾਬਕ ਬੱਸ ਡਰਾਈਵਰ ਕੋਲੋਂ ਓਵਰਟੇਕ ਕਰਦੇ ਸਮੇਂ ਬੱਸ ਪਲਟ ਗਈ। ਮੌਕੇ 'ਤੇ ਥਾਣਾ ਦਸੂਹਾ ਦੇ ਐੱਸ. ਐੱਚ. ਓ. ਹਰਪ੍ਰੇਮ ਸਿੰਘ, ਏ. ਐੱਸ. ਆਈ. ਮਹਿੰਦਰ ਸਿੰਘ,ਏ. ਐੱਸ. ਆਈ. ਸਰਬਜੀਤ ਸਿੰਘ ਪੁਲਸ ਪਾਰਟੀ ਸਮੇਤ ਪਹੁੰਚੇ ਅਤੇ ਉਨ੍ਹਾਂ ਨਾਲ ਐੱਸ. ਐੱਸ. ਐੱਫ. ਮੁਲਜ਼ਮ ਵੀ ਪਹੁੰਚੇ ਅਤੇ ਬਚਾਅ ਕਾਰਜ ਸ਼ੁਰੂ ਕੀਤੇ। ਮੌਕੇ 'ਤੇ ਸਿਵਲ ਹਸਪਤਾਲ ਦਸੂਹਾ ਦੀ ਐਂਬੂਲੈਂਸ, ਸਮਾਜ ਸੇਵੀ ਸੰਸਥਾਂਵਾਂ ਦੀਆਂ ਐਂਬੂਲੈਂਸਾਂ ਬਚਾਅ ਕਾਰਜਾਂ ਵਿੱਚ ਜੁਟੀਆਂ। ਜ਼ਿਆਦਾ ਸਵਾਰੀਆਂ ਰੱਖੜੀ ਦੇ ਤਿਉਹਾਰ 'ਤੇ ਰੱਖੜੀ ਲੈ ਕੇ ਜਾ ਰਹੀਆਂ ਸਨ। ਡੀ. ਐੱਸ. ਪੀ. ਦਸੂਹਾ ਜਤਿੰਦਰਪਾਲ ਸਿੰਘ ਵੀ ਘਟਨਾ ਸਥਾਨ 'ਤੇ ਪਹੁੰਚੇ। 20 ਤੋਂ ਵੱਧ ਜ਼ਖ਼ਮੀ ਸਵਾਰੀਆਂ ਨੂੰ ਸਿਵਲ ਹਸਪਤਾਲ ਦਸੂਹਾ ਵਿਖੇ ਦਾਖ਼ਲ ਕਰਵਾਇਆ ਗਿਆ ਅਤੇ 4 ਗੰਭੀਰ ਜ਼ਖ਼ਮੀ ਸਵਾਰੀਆਂ ਨੂੰ ਜਲੰਧਰ ਵਿਖੇ ਰੈਫਰ ਕਰ ਦਿੱਤਾ ਗਿਆ। ਇਸ ਦੇ ਨਾਲ ਹੀ ਕੁਝ ਜ਼ਖ਼ਮੀ ਸਵਾਰੀਆਂ ਨੂੰ ਟਾਂਡਾ ਦੇ ਸਿਵਲ ਹਸਪਤਾਲ ਵਿਖੇ ਵੀ ਦਾਖ਼ਲ ਕਰਵਾਇਆ ਗਿਆ। ਜ਼ਖ਼ਮੀ ਸਵਾਰੀਆਂ ਦਾ ਹਾਲ-ਚਾਲ ਪੁੱਛਣ ਲਈ ਵਿਧਾਇਕ ਕਰਮਬੀਰ ਸਿੰਘ ਘੁੰਮਣ ਸਿਵਲ ਹਸਪਤਾਲ ਦਸੂਹਾ ਵਿਖੇ ਪਹੁੰਚੇ, ਜਿੱਥੇ ਐੱਸ. ਐੱਮ. ਓ. ਮਨਮੋਹਨ ਸਿੰਘ ਨੇ ਦੱਸਿਆ ਕਿ ਸਾਰੀਆਂ ਜ਼ਖ਼ਮੀ ਸਵਾਰੀਆਂ ਦਾ ਇਲਾਜ ਕਰ ਦਿੱਤਾ ਗਿਆ ਹੈ, ਜਿਨ੍ਹਾਂ ਵਿੱਚੋਂ 4 ਗੰਭੀਰ ਜ਼ਖ਼ਮੀ ਸਵਾਰਆਂ ਨੂੰ ਜਲੰਧਰ ਰੈਫਰ ਕਰ ਦਿੱਤਾ ਗਿਆ।

## ਸੁਖਬੀਰ ਬਾਦਲ ਨੇ ਵਿਸ਼ਾਲ ਇਕੱਠ ਨੂੰ ਕੀਤਾ ਸੰਬੋਧਨ, ਕਿਹਾ- 'ਖਾਲਸਾ ਪੰਥ ਦੇ ਹਿੱਤਾਂ ਨਾਲ ਕਦੇ ਨਹੀਂ ਕਰਾਂਗੇ ਸਮਝੌਤਾ...'



**ਬਾਬਾ ਬਕਾਲਾ, 19 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਬਾਬਾ ਬਕਾਲਾ ਸਾਹਿਬ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਉਹ ਕਦੇ ਵੀ ਖਾਲਸਾ ਪੰਥ ਦੇ ਸਿਧਾਂਤਾਂ ਨਾਲ ਸਮਝੌਤਾ ਨਹੀਂ ਕਰਨਗੇ ਅਤੇ ਹਮੇਸ਼ਾ ਪੰਜਾਬ ਦੇ ਵਿਕਾਸ ਵਾਸਤੇ ਕੰਮ ਕਰਨਗੇ। ਇਤਿਹਾਸਕ ਰੱਖੜ ਪੁੰਨਿਆ ਦੇ ਮੌਕੇ 'ਤੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਪੰਥ ਨੂੰ ਅਪੀਲ ਕੀਤੀ ਕਿ ਉਹ ਗੱਦਾਰਾਂ ਦੀ ਹਮੇਸ਼ਾ ਪਛਾਣ ਕਰਨ ਅਤੇ ਕਿਹਾ ਕਿ ਇਹ ਉਹੀ ਲੋਕ ਹਨ ਜੋ ਏਜੰਸੀਆਂ ਨਾਲ ਮਿਲ ਕੇ ਸ਼੍ਰੋਮਣੀ ਅਕਾਲੀ ਦਲ ਦੇ ਨਾਲ-ਨਾਲ ਸਿੱਖ ਸੰਸਥਾਵਾਂ ਨੂੰ ਕਮਜ਼ੋਰ ਕਰਨਾ ਚਾਹੁੰਦੇ ਹਨ। ਸੁਖਬੀਰ ਸਿੰਘ ਬਾਦਲ ਨੇ ਸਮੁੱਚੀ ਕੌਮ ਨੂੰ ਅਪੀਲ ਕੀਤੀ ਕਿ ਉਹ ਕੌਮ ਦੇ ਅੰਦਰੋਂ ਤੇ ਬਾਹਰੋਂ ਦੋਵਾਂ ਥਾਵਾਂ ਤੋਂ ਖ਼ਤਰੇ ਨੂੰ ਪਛਾਨਣ ਅਤੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋੜ ਦਿੱਤੀ ਗਈ ਤੇ ਹਰਿਆਣਾ ਵਿਚ ਵੱਖਰੀ ਕਮੇਟੀ ਇਕ ਮਿੱਥੀ ਯੋਜਨਾ ਤਹਿਤ ਬਣਾਈ ਗਈ। ਉਨ੍ਹਾਂ ਕਿਹਾ ਕਿ ਹੁਣ ਅਸੀਂ ਵੇਖ ਰਹੇ ਹਾਂ ਕਿ ਕਿਵੇਂ ਆਰ.ਐੱਸ.ਐੱਸ. ਤੇ ਭਾਜਪਾ ਨੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਕਮੇਟੀ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ 'ਤੇ ਕਬਜ਼ਾ ਕਰ ਲਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਆਪਣੀਆਂ ਸੰਸਥਾਵਾਂ 'ਤੇ ਇਹ ਹਮਲਾ ਨਾ ਰੋਕਿਆ ਤਾਂ ਕੱਲ੍ਹ ਨੂੰ ਦੋਸ਼ ਸਾਡੇ ਸਿਰ ਹੀ ਆਵੇਗਾ। ਉਨ੍ਹਾਂ ਕਿਹਾ ਕਿ ਪੰਜਾਬ 'ਚ ਜਿਹੜਾ ਵੀ ਵਿਕਾਸ ਤੁਸੀਂ ਵੇਖ ਰਹੇ ਹੋ, ਇਹ ਸਾਰਾ ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਵਾਲੀ ਅਕਾਲੀ ਦਲ ਦੀ ਸਰਕਾਰ ਵੇਲੇ ਹੋਇਆ। ਭਾਵੇਂ ਉਹ ਐਕਸਪ੍ਰੈੱਸਵੇਅ ਬਣਾਉਣ ਦੀ ਗੱਲ ਹੋਵੇ, ਥਰਮਲ ਪਲਾਂਟ ਜਿਨ੍ਹਾਂ ਨੇ ਸੂਬੇ ਨੂੰ ਬਿਜਲੀ ਸਰਪਲੱਸ ਬਣਾਇਆ, ਉਨ੍ਹਾਂ ਦੀ ਗੱਲ ਹੋਵੇ, ਹਵਾਈ ਅੱਡਿਆਂ ਦੀ ਸਥਾਪਨਾ ਹੋਵੇ ਜਾਂ ਫਿਰ ਆਟਾ-ਦਾਲ ਸਕੀਮ ਤੇ ਐੱਸ.ਸੀ. ਸਕਾਲਰਸ਼ਿਪ ਵਰਗੀਆਂ ਨਿਵੇਕਲੀਆਂ ਸਮਾਜ ਭਲਾਈ ਸਕੀਮਾਂ ਹੋਣ, ਸਭ ਪ੍ਰਕਾਸ਼ ਸਿੰਘ ਬਾਦਲ ਦੇ ਮੁੱਖ ਮੰਤਰੀ ਹੋਣ ਸਮੇਂ ਕੀਤੇ ਗਏ ਕੰਮ ਹਨ।

## ਇੰਦਰਾ ਗਾਂਧੀ ਵਾਂਗ ਮਮਤਾ ਬੈਨਰਜੀ ਨੂੰ ਗੋਲੀ ਮਾਰੋ, ਸੋਸ਼ਲ ਮੀਡੀਆ 'ਤੇ ਪੋਸਟ ਵਾਇਰਲ, ਵਿਦਿਆਰਥੀ ਗ੍ਰਿਫਤਾਰ



**ਨਵੀਂ ਦਿੱਲੀ, 19 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਖਿਲਾਫ ਭੜਕਾਊ ਪੋਸਟ ਪਾਉਣ ਲਈ ਇੱਕ ਨੌਜਵਾਨ ਵਿਦਿਆਰਥੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਉਸ ਉੱਤੇ ਇੰਸਟਾਗ੍ਰਾਮ ਯੂਜ਼ਰ 'ਤੇ ਲੋਕਾਂ ਨੂੰ ਸੀਐਮ ਬੈਨਰਜੀ ਦੀ ਹੱਤਿਆ ਲਈ ਉਕਸਾਉਣ ਦਾ ਦੋਸ਼ ਹੈ। ਖਾਸ ਗੱਲ ਇਹ ਹੈ ਕਿ ਇਹ ਮਾਮਲਾ ਅਜਿਹੇ ਸਮੇਂ ਸਾਹਮਣੇ ਆਇਆ ਹੈ ਜਦੋਂ ਆਰਜੀ ਕਾਰ ਹਸਪਤਾਲ 'ਚ ਡਾਕਟਰ ਨਾਲ ਹੋਈ ਬੇਰਹਿਮੀ ਖਿਲਾਫ ਬੰਗਾਲ ਸਮੇਤ ਦੇਸ਼ ਦੇ ਕਈ ਸੂਬਿਆਂ 'ਚ ਵਿਰੋਧ ਪ੍ਰਦਰਸ਼ਨ ਹੋ ਰਹੇ ਹਨ। ਇੰਸਟਾਗ੍ਰਾਮ 'ਤੇ "ਕਿਰਤੀਸੋਸ਼ਲ" ਹੈਂਡਲ 'ਤੇ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਦਾ ਹਵਾਲਾ ਦੇ ਕੇ ਮੁੱਖ ਮੰਤਰੀ ਮਮਤਾ ਨੂੰ ਮਾਰਨ ਲਈ ਦੂਜਿਆਂ ਨੂੰ ਉਤਸ਼ਾਹਿਤ ਕਰਨ ਦਾ ਦੋਸ਼ ਹੈ। ਇੰਸਟਾਗ੍ਰਾਮ ਆਈਡੀ "ਕੀਰਤੀਸੋਸ਼ਲ" ਤੋਂ ਹਾਲ ਹੀ ਵਿੱਚ ਆਰਜੀ ਕਾਰ ਵਿਖੇ ਵਾਪਰੀ ਘਟਨਾ ਨਾਲ ਸਬੰਧਤ ਤਿੰਨ ਇੰਸਟਾਗ੍ਰਾਮ ਪੋਸਟਾਂ ਅਪਲੋਡ ਕੀਤੀਆਂ ਹਨ। ਇਸ ਦੇ ਨਾਲ ਹੀ ਵਿਦਿਆਰਥਣ ਨੇ ਸੀਐਮ ਮਮਤਾ ਦੇ ਖ਼ਿਲਾਫ਼ ਦੋ ਪੋਸਟਾਂ ਸਾਂਝੀਆਂ ਕੀਤੀਆਂ। ਪੋਸਟ ਵਿੱਚ ਲਿਖਿਆ ਸੀ, "ਇੰਦਰਾ ਗਾਂਧੀ ਵਾਂਗ ਮਮਤਾ ਬੈਨਰਜੀ ਨੂੰ ਗੋਲੀ ਮਾਰ ਦਿਓ। ।" ਜੇ ਤੁਸੀਂ ਨਹੀਂ ਕਰ ਸਕਦੇ ਤਾਂ ਮੈਂ ਤੁਹਾਨੂੰ ਨਿਰਾਸ਼ ਨਹੀਂ ਕਰਾਂਗੀ ਇਸ ਮੌਕੇ ਪੁਲਿਸ ਨੇ ਇਹ ਵੀ ਦੋਸ਼ ਲਾਇਆ ਹੈ ਕਿ ਮੁਲਜ਼ਮ ਨੇ 31 ਸਾਲਾ ਪੋਸਟ ਗ੍ਰੈਜੂਏਟ ਸਿਖਿਆਰਥੀ ਡਾਕਟਰ ਦੀ ਪਛਾਣ ਅਤੇ ਫੋਟੋ ਦਾ ਖੁਲਾਸਾ ਕੀਤਾ ਸੀ। ਦੱਸ ਦਈਏ ਕਿ ਕੋਲਕਾਤਾ ਪੁਲਿਸ ਨੇ ਬਲਾਤਕਾਰ-ਕਤਲ ਦੀ ਘਟਨਾ ਨਾਲ ਸਬੰਧਤ ਸੋਸ਼ਲ ਮੀਡੀਆ ਪੋਸਟਾਂ 'ਤੇ ਸਖ਼ਤ ਕਾਰਵਾਈ ਕੀਤੀ ਹੈ। ਜ਼ਿਕਰ ਕਰ ਦਈਏ ਕਿ ਪੱਛਮੀ ਬੰਗਾਲ ਵਿੱਚ ਇਤਰਾਜ਼ਯੋਗ ਟਿੱਪਣੀਆਂ ਅਤੇ ਭੜਕਾਊ ਪੋਸਟਾਂ ਕਿਸੇ ਵੀ ਸਮੇਂ ਸਮਾਜਿਕ ਅਸ਼ਾਂਤੀ ਪੈਦਾ ਕਰ ਸਕਦੀਆਂ ਹਨ ਅਤੇ ਭਾਈਚਾਰੇ ਵਿੱਚ ਨਫ਼ਰਤ ਨੂੰ ਵਧਾ ਸਕਦੀਆਂ ਹਨ। ਇਸ ਨੂੰ ਲੈ ਕੇ ਕੋਲਕਾਤਾ ਪੁਲਿਸ ਲਗਾਤਾਰ ਅਜਿਹੀਆਂ ਪੋਸਟਾਂ ਉੱਤੇ ਕਾਰਵਾਈ ਕਰ ਰਹੀ ਹੈ।


ਸੱਦਾ-ਪੱਤਰ
ੴ ਸਤਿਗੁਰ ਪ੍ਰਸਾਦਿ ॥
ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ
ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ
ਮਿਤੀ 22 ਅਗਸਤ 2024 ਦਿਨ ਵੀਰਵਾਰ ਨੂੰ
ਬਰਸੀ ਸਮਾਗਮ
ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।
20 ਅਗਸਤ ਦਿਨ ਮੰਗਲਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਵੀਰਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ)
ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕੀਰਤਨੀ ਅਤੇ ਢਾਡੀ ਜਥੇ :-
* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ
* ਕਵੀਸ਼ਰੀ ਜਥਾ ਗਿ. ਕੇਵਲ ਸਿੰਘ ਮਹਿਤਾ
* ਢਾਡੀ ਜਥਾ ਭਾਈ ਅੰਮ੍ਰਿਤਪਾਲ ਸਿੰਘ ਬੋੜੇ ਵਾਲੇ (ਨਿਹੰਗ ਸਿੰਘ)
ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ
ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।
ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਅਤੇ ਕੀਰਤਨ ਦੀ ਮੁਫ਼ਤ ਸਿੱਖਿਆ ਦਿੱਤੀ ਜਾਂਦੀ ਹੈ।
ਬੇਨਤੀ ਕਰਤਾ
ਜਥੇਦਾਰ ਸਵਰਨਜੀਤ ਸਿੰਘ
(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108
ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ
ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।
ਆਵਾਜ਼ਿ ਕੌਮ
AWAZE QAUM
International Newspaper & WEB TV


With the blessings of Dhan Dhan Satguru Sahib Sri Guru Granth Sahib Ji
Mahaan Barsi Smagam
&
REMEMBERING THE SHAHEEDS OF 1984
SRI HAZOOR SANT BABA ISHER SINGH JI MAHARAJ
Rara Sahib
SRI MAAN SANT GIANI KARTAR SINGH JI KHALSA
Bhindranwale
Under the Guidance of: Sri Maan Sant Baba Bhagwan Singh Ji Maharaj (Rara Sahib Begowal)
4 DAY MAHAAN OPEN AIR
GURMAT SMAGAM
BANK HOLIDAY WEEKEND
23RD - 26TH AUGUST 2024
Sri Maan Sant Baba Bhagwan Singh Ji Maharaj (Rara Sahib Begowal)
Sri Maan Sant Giani Jarnail Singh Ji Khalsa Bhindranwale (Maujuda Mukhi Damdami Taksal)
SAT 24TH AUG 2024
REHNSBHAI KIRTAN DARBAR
SUN 25TH AUG 2024
SRI DASAM GRANTH SEHAJ PAATH BHOG
MON 26TH AUG 2024
SRI GURU GRANTH SAHIB JI SEHAJ PAATH BHOG
AMRIT SANCHAAR - SUNDAY 25TH AUGUST 2024 - 12PM (HALL 2)
GEORGE ST, WEST BROMWICH, BIRMINGHAM, B70 6NH
(NEXT TO GURU HAR RAI SAHIB GURDWARA)
FOR FURTHER INFORMATION, SEVA AND STALL BOOKINGS PLEASE CONTACT
07977 001313 | 07913 951860 | 07956 007161 | 07590 626176 | 07985 246484
ਆਵਾਜ਼ਿ ਕੌਮ AWAZE QAUM
International Newspaper & WEB TV


ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ
ਮਹਾਨ ਬਰਸੀ ਸਮਾਗਮ
ਅਤੇ ਜੂਨ 1984 ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ
ਸ੍ਰੀ ਹਜ਼ੂਰ ਸੰਤ ਬਾਬਾ ਈਸ਼ਰ ਸਿੰਘ ਜੀ ਮਹਾਰਾਜ
ਸ੍ਰੀ ਮਾਨ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ
ਸ੍ਰੀ ਮਾਨ ਸੰਤ ਬਾਬਾ ਭਗਵਾਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ ਬੇਗੋਵਾਲ) ਵਾਲਿਆਂ ਦੀ ਰਹਿਨੁਮਾਈ ਹੇਠ
4 ਰੋਜ਼ਾ
ਮਹਾਨ ਗੁਰਮਤਿ ਸਮਾਗਮ
ਬੈਂਕ ਹੋਲੀਡੇਅ ਵੀਕਐਂਡ
23 ਤੋਂ 26 ਅਗਸਤ 2024
ਸ੍ਰੀ ਮਾਨ ਸੰਤ ਬਾਬਾ ਭਗਵਾਨ ਸਿੰਘ ਜੀ ਮਹਾਰਾਜ (ਰਾੜਾ ਸਾਹਿਬ ਬੇਗੋਵਾਲ)
ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ (ਮੌਜੂਦਾ ਮੁਖੀ ਦਮਦਮੀ ਟਕਸਾਲ)
ਸ਼ਨੀਵਾਰ 24 ਅਗਸਤ 2024
ਰੈਣਸਬਾਈ ਕੀਰਤਨ ਦਰਬਾਰ
ਐਤਵਾਰ 25 ਅਗਸਤ 2024
ਸ੍ਰੀ ਦਸਮ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਭੋਗ
ਸੋਮਵਾਰ 26 ਅਗਸਤ 2024
ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਭੋਗ
ਅੰਮ੍ਰਿਤ ਸੰਚਾਰ - ਐਤਵਾਰ 25 ਅਗਸਤ 2024 - ਦੁਪਹਿਰੇ 12 ਵਜੇ (ਹਾਲ 2)
ਜੋਰਜ ਸਟ੍ਰੀਟ, ਵੈਸਟ ਬਰੌਮਵਿਚ, ਬਰਮਿੰਘਮ, B70 6NH
(ਗੁਰੂ ਹਰਿ ਰਾਇ ਸਾਹਿਬ ਗੁਰਦੁਆਰਾ ਦੇ ਪਾਸ)
ਆਵਾਜ਼ਿ ਕੌਮ AWAZE QAUM International Newspaper & WEB TV
ਵਧੇਰੇ ਜਾਣਕਾਰੀ, ਸੇਵਾ ਜਾਂ ਸਟਾਲ ਬੁਕਿੰਗ ਲਈ ਹੇਠ ਦਿੱਤੇ ਨੰਬਰਾਂ ਤੇ ਸੰਪਰਕ ਕਰੋ
07977 001313 | 07913 951860 | 07956 007161 | 07590 626176 | 07985 246484

### ਹਰਿਆਣਾ ਵਾਸੀ ਇਸ ਵਾਰ

# ਬੀਜੇਪੀ, ਜੇਜੇਪੀ,ਕਾਗਰਸ ਨੂੰ ਮੂੰਹ ਨਹੀਂ ਲਾਉਣਗੇ: ਚੇਅਰਮੈਨ ਘੁੱਲੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਹਰਿਆਣਾ ਦੇ ਨੌਜਵਾਨਾਂ ਨੇ ਇਸ ਵਾਰ ਮਨ ਬਣਾ ਲਿਆ ਹੈ ਕਿ ਭਾਰਤੀ ਜਨਤਾ ਪਾਰਟੀ, ਜੇਜੇਪੀ ਅਤੇ ਕਾਂਗਰਸ ਦੇ ਉਮੀਦਵਾਰਾਂ ਨੂੰ ਮੂੰਹ ਨਹੀਂ ਲਾਉਣਗੇ। ਉਹ ਇਸ ਵਾਰ ਆਉਣ ਵਾਲੀ ਇੱਕ ਅਕਤੂਬਰ ਨੂੰ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਫਤਵਾ ਦੇਖ ਕੇ ਉਮੀਦਵਾਰਾਂ ਨੂੰ ਵੱਡੇ ਮਰ ਜਾਣ ਨਾਲ ਜਿਤਾ ਕੇ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਣਗੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਜਨਰਲ ਸਕੱਤਰ ਸ. ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਪ੍ਰਭਾਰੀ ਵਿਧਾਨ ਸਭਾ ਹਲਕਾ ਇੰਚਾਰਜ ਨਲਵਾ ਨੇ ਕੀਤਾ। ਉਹਨਾਂ ਕਿਹਾ ਕਿ ਹਰਿਆਣਾ ਪੰਜਾਬ ਦਾ ਭਰਾ ਹੈ, ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਨੂੰ ਥੋੜਾ ਸਮਾਂ ਹੋਇਆ ਹੈ। ਪਰ ਭਗਵੰਤ ਮਾਨ ਸਰਕਾਰ ਨੇ ਕੰਮ ਅਜਿਹੇ ਕਰ ਦਿੱਤੇ ਹਨ ਕਿ ਉਹਨਾਂ ਕੰਮਾਂ ਤੋਂ ਹਰਿਆਣਾ ਦੇ ਵਾਸੀ ਵੀ ਪ੍ਰਭਾਵਿਤ ਹੋ ਰਹੇ ਹਨ, ਆਉਣ ਵਾਲੇ ਦਿਨਾਂ ਵਿੱਚ ਹਰਿਆਣਾ ਵਾਸੀਆਂ ਨੂੰ ਆਮ ਆਦਮੀ ਪਾਰਟੀ ਦੀਆਂ ਗਤੀਵਿਧੀਆਂ ਨੂੰ ਪਾਰਟੀ ਨਾਲ ਜੋੜ ਕੇ ਘਰ ਘਰ ਜਾ ਕੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਚੋਣ ਪ੍ਰਚਾਰ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ ਬਲਾਕ ਪ੍ਰਧਾਨ ਉਧਮ ਸਿੰਘ, ਨੌਜਵਾਨ ਆਗੂ ਹਿਮਾਸ਼ੂ ਸੋਨੀ, ਸਰਪੰਚ ਸੁਰਿੰਦਰ, ਰਾਮਪਾਲ ਸਿੰਘ, ਨਵਰੰਗ ਸੁਰੇਨ, ਚਾਦੀ ਰਾਮ,ਸੁਭਾਸ ਚੰਦਰ, ਜੈ ਭਗਵਾਨ,ਕੋਰ ਸਿੰਘ ਅਜੀਤ ਨਗਰ, ਅਰਵਿੰਦ ਸੌਕਾ ,ਬਿੱਲਾ ਸਾਹੀਵਾਲ, ਜਗਦੀਪ ਸਿੰਘ ਯੋਧਾ ਸਾਹੀਵਾਲ, ਅਰਵਿੰਦ ਸਰਮਾ ਨਾਭਾ, ਕੁਲਦੀਪ ਸਿੰਘ ਬੁੱਟਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਬੀਕੇਯੂ ਉਗਰਾਹਾਂ ਵੱਲੋਂ

# ਧਰਨੇ ਸਬੰਧੀ ਵੱਖ-ਵੱਖ ਪਿੰਡਾਂ 'ਚ ਮੀਟਿੰਗਾਂ ਸ਼ੁਰੂ

ਧੂਰੀ ( ਰਣਜੀਤ ਸਿੰਘ ਪੇਧਨੀ ) ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਧੂਰੀ ਪਿੰਡ ਇਕਾਈਆ ਵਿੱਚ 27 ਅਗਸਤ ਤੋਂ ਲੈ ਕੇ 31 ਅਗਸਤ ਤੱਕ ਜਿਲਿਆਂ ਦੇ ਹੈਡ ਕੁਆਟਰਾਂ ਤੇ ਬਹੁ ਪੱਖੀ ਲੋਕਾਂ ਦੀ ਨਵੀਂ ਖੇਤੀ ਨੀਤੀ ਲਿਆਉਣ, ਪਾਣੀ ਦੀ ਡਿੱਗਦੀ ਸਤਹਿ ਨੂੰ ਠੱਲ ਪਾਉਣਾ, 60 ਸਾਲ ਤੋਂ ਉਪਰ ਦੇ ਕਿਸਾਨਾਂ / ਮਜਦੂਰਾਂ ਔਰਤਾਂ ਦੀ 10.000/ ਰੁਪਏ ਪ੍ਰਤੀ ਮਹੀਨਾ, ਮੁਫਤ ਵਿੱਦਿਆ, ਕੁਦਰਤੀ ਆਵਰਾਂ ਅਤੇ ਬਿਮਾਰੀਆਂ ਨਾਲ ਹੋਈਆ ਮੌਤਾਂ ਅਤੇ ਪਸ਼ੂ ਧਨ ਦੀ ਪੂਰਤੀ ਕਰਨ ਦਾ ਵਾਅਦਾ ਨਾ ਪੂਰਾ ਹੋਣਾ, ਬੇਰੁਜਗਾਰਾਂ ਨੂੰ ਪੱਕਾ ਰੁਜਗਾਰ, ਔਰਤਾਂ ਨੂੰ 1000 ਹਜਾਰ ਰੁਪਏ ਮਹੀਨਾ ਆਦਿ ਨੂੰ ਪੂਰਾ ਕਰਵਾਉਣ ਲਈ ਬਲਾਕ ਧੂਰੀ ਦੇ ਪਿੰਡਾਂ ਚ ਨੁੱਕੜ ਮੀਟਿੰਗਾ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਹਰਪਾਲ ਸਿੰਘ ਪੇਧਨੀ, ਕਿਰਪਾਲ ਸਿੰਘ, ਜੋਰਾ ਸਿੰਘ ਕੰਧਾਰਗੜ ਛੰਨਾ, ਕਰਮਜੀਤ ਸਿੰਘ ਬੇਨੜਾ, ਰਾਮ ਸਿੰਘ ਕੱਕੜਵਾਲ ,ਦਰਸਨ ਸਿੰਘ ਕਿਲਾ, ਜਰਨੈਲ ਸਿੰਘ ਸੁਲਤਾਨਪੁਰ, ਬੇਅੰਤ ਸਿੰਘ ਘਨੌਰੀ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



### ਤੀਆਂ ਦਾ ਤਿਉਹਾਰ ਨੂੰਹਾਂ ਅਤੇ ਸੱਸਾਂ ਨੂੰ

# ਇੱਕ ਸੱਥ ਹੇਠਾਂ ਇਕੱਠੇ ਕਰਨ ਦਾ ਤਿਉਹਾਰ ਹੈ : ਖੰਨਾ



**ਸ਼ੇਰਪੁਰ ( ਰਣਜੀਤ ਸਿੰਘ ਪੇਧਨੀ )**-ਪਿੰਡ ਘਨੌਰੀ ਕਲਾਂ ਵਿਖੇ ਮਾਰਕੀਟ ਕਮੇਟੀ ਸ਼ੇਰਪੁਰ ਦੇ ਸਾਬਕਾ ਚੇਅਰਮੈਨ ਇੰਦਰਜੀਤ ਸਿੰਘ ਵੱਲੋ ਸੱਦੇ ਤੇ ਸਮੂਹ ਨਗਰ ਨਿਵਾਸੀ ਵੱਲੋ ਕਰਵਾਏ ਗਏ ਤੀਆਂ ਦੇ ਤਿਉਹਾਰ ਵਿੱਚ ਭਾਜਪਾ ਸੂਬਾ ਵਾਇਸ ਪ੍ਰਧਾਨ ਸ਼੍ਰੀ ਅਰਵਿੰਦ ਖੰਨਾ ਵਿਸ਼ੇਸ ਤੌਰ ਤੇ ਸ਼ਾਮਿਲ ਹੋਏ । ਇਸ ਮੌਕੇ ਚੋਣਵੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਅਰਵਿੰਦ ਖੰਨਾ ਨੇ ਕਿਹਾ ਕਿ ਇਹੋ ਜਿਹੇ ਤਿਉਹਾਰਾਂ ਵਿੱਚ ਸ਼ਾਮਿਲ ਹੋ ਕੇ ਮਨ ਨੂੰ ਬਹੁਤ ਖੁਸ਼ੀ ਮਿਲਦੀ ਹੈ ਕਿਉਂਕਿ ਇਹ ਸਭ ਤਿਉਹਾਰ ਸਾਡੇ ਸੱਭਿਆਚਾਰ ਨੂੰ ਦੁਨੀਆ ਤੱਕ ਪਹੁੰਚਾਉਂਦੇ ਹਨ। ,ਸਾਡਾ ਸੱਭਿਆਚਾਰ ਸਾਡੀ ਪਹਿਚਾਣ ਹੁੰਦਾ ਹੈ ਅਤੇ ਇਸ ਪਹਿਚਾਣ ਨੂੰ ਬਣਾਇਆ ਰੱਖਣ ਲਈ ਸਾਨੂੰ ਸਭ ਨੂੰ ਉਪਰਾਲੇ ਕਰਦੇ ਰਹਿਣਾ ਚਾਹੀਦਾ ਹੈ। ਅੰਤ ਵਿੱਚ ਸਾਬਕਾ ਚੇਅਰਮੈਨ ਇੰਦਰਜੀਤ ਸਿੰਘ ਘਨੌਰੀ ਨੇ ਆਏ ਮਹਿਮਾਨਾਂ ਦਾ ਵਿਸ਼ੇਸ ਸਨਮਾਨ ਕੀਤਾ । ਇਸ ਮੌਕੇ । ਇਸ ਮੌਕੇ ਭਾਜਪਾ ਯੂਵਾ ਮੋਰਚਾ ਜਿਲਾ ਸੰਗਰੂਰ-1 ਦੇ ਪ੍ਰਧਾਨ ਪਰਵਿੰਦਰ ਸਿੰਘ ਘੁਮਾਣ , ਭਾਜਪਾ ਜਿਲਾ ਸੰਗਰੂਰ-2 ਦੇ ਸਪੋਕਸਪਰਸਨ ਪ੍ਰੋ. ਅਰੁਨਜੀਤ ਸਿੰਘ ਜੀ, ਸੰਦੀਪ ਰਾਜੂ ,ਸੁਖਵਿੰਦਰ ਸਿੰਘ ਸੁੱਖੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਮਾਨ ਦੀਆਂ ਚਲਾਈਆ ਸਕੀਮਾਂ ਦਾ ਲੋਕ ਖੂਬ ਆਨੰਦ ਮਾਣ ਰਹੇ ਹਨ : ਆਪ ਆਗੂ



ਜਗਸੀਰ ਲੱਡਾ ਆਪ ਆਗੂ | ਅਵਤਾਰ ਸਿੰਘ ਲੱਡਾ ਆਪ ਆਗੂ | ਠੇਕੇਦਾਰ ਗੁਰਦੀਪ ਸਿੰਘ ਆਪ ਆਗੂ | ਅਮਰੀਕ ਸਿੰਘ ਨੰਬਰਦਾਰ ਆਪ ਆਗੂ | ਅਜੈਬ ਸਿੰਘ ਖੇਤ ਵਾਲੇ ਆਪ ਆਗੂ

ਧੂਰੀ ( ਰਣਜੀਤ ਸਿੰਘ ਪੇਧਨੀ ) ਸੂਬੇ ਦੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀਆਂ ਨੀਤੀਆਂ ਨਾਲ ਪਿੰਡਾਂ ਦਾ ਸਰਵਪੱਖੀ ਵਿਕਾਸ ਹੋ ਰਿਹਾ ਹੈ । ਸੂਬੇ ਦੀ ਮਾਨ ਸਰਕਾਰ ਵੱਲੋ ਦਿੱਤੀਆਂ ਜਾ ਰਹੀਆਂ ਸੂਹਲਤਾਂ ਨੇ ਲੋਕਾਂ ਦਾ ਦਿਲ ਜਿੱਤਿਆ ਹੈ ਤੇ ਲੋਕ ਆਪ ਦੇ ਰਾਜ ਵਿੱਚ ਆਪਣੇ ਆਪ ਨੂੰ ਸੁਰੱਖਿਅਤ ਮੰਨ ਰਹੇ ਹਨ । ਮਾਨ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ : ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਆਗੂ ਜਗਸੀਰ ਸਿੰਘ ਲੱਡਾ, ਆਪ ਆਗੂ ਅਵਤਾਰ ਸਿੰਘ, ਆਪ ਆਗੂ ਠੇਕੇਦਾਰ ਗੁਰਦੀਪ ਸਿੰਘ , ਆਪ ਆਗੂ ਅਮਰੀਕ ਸਿੰਘ ਅਤੇ ਆਪ ਆਗੂ ਅਜੈਬ ਸਿੰਘ ਖੇਤ ਵਾਲਿਆਂ ਨੇ ਸਾਂਝੇ ਤੌਰ ਤੇ ਕੀਤਾ । ਆਗੂਆਂ ਨੇ ਕਿਹਾ ਕਿ ਮਾਨ ਸਰਕਾਰ ਨੇ ਰਜਿਸਟਰੀਆਂ ਹੋਣ ਸਮੇਂ ਐਨ.ਓ ਸੀ. ਦੀ ਸਰਤ ਵੀ ਖਤਮ ਕਰ ਦਿੱਤੀ ਗਈ ਹੈ, ਤੀਰਥ ਯਾਤਰਾ ਯੋਜਨਾ ਤਾਹਿਤ ਧਾਰਮਿਕ ਸਥਾਨਾਂ ਦੇ ਦਰਸਨ ਕਰਵਾਏ ਜਾ ਰਹੇ ਹਨ, ਸੂਬੇ ਦੇ ਵਸਨੀਕਾਂ ਨੂੰ 300 ਯੂਨਿਟ ਪ੍ਰਤੀ ਮਹਿਨੇ ਦੇ ਲਾਭ ਦਿੱਤਾ ਜਾ ਰਿਹਾ ਹੈ, ਸੂਬੇ ਦੇ ਆਮ ਆਦਮੀ ਕਲੀਨਿਕਾ ਵਿੱਚ ਲੋਕਾਂ ਨੂੰ ਮੁਫਤ ਸਿਹਤ ਸੇਵਾਵਾ ਮਿਲ ਰਹੀਆਂ ਹਨ, ਲੋਕਾਂ ਦੇ ਘਰੇਲੂ ਕੰਮਕਾਜ ਸੇਵਾ ਕੇਂਦਰਾਂ ਵਿੱਚ ਅਸਾਨੀ ਨਾਲ ਹੋ ਰਹੇ ਹਨ ਤੇ ਕਰਮਚਾਰੀ ਘਰ ਆ ਕੇ ਵੀ ਲੋਕਾਂ ਦੇ ਕੰਮਕਾਜ ਕਰ ਰਹੇ ਹਨ, ਖੇਡਾਂ ਵਿੱਚ ਨਾਮ ਕਮਾਉਣ ਵਾਲੇ ਖਿਡਾਰੀਆਂ ਦਾ ਸਰਕਾਰੀ ਸਨਮਾਨ ਤੇ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ ਤੇ ਰਹਿੰਦੀਆਂ ਗਰੰਟੀਆਂ ਨੂੰ ਹਰ ਹੀਲੇ ਪੂਰਾ ਕੀਤਾ ਜਾਵੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

# ਰੱਖੜੀ ਦਾ ਪਾਵਨ ਤਿਉਹਾਰ ਬੀਐਸਐਫ ਦੇ ਜਵਾਨਾਂ ਨੂੰ ਰੱਖੜੀ ਬੰਨ ਕੇ ਮਨਾਇਆ ਗਿਆ







ਗਲੋਬਲ ਪੰਜਾਬੀ ਐਸੋਸੀਏਸ਼ਨ ਵੱਲੋਂ ਡਾ.ਜਸਵਿੰਦਰ ਢਿੱਲੋ ਅਤੇ ਡਾ.ਜਸਵਿੰਦਰ ਕੌਰ ਸੋਹਲ, ਸ਼ੈਲੀ ਬਹਿਲ, ਆਰਤੀ ਮਹਾਜਨ, ਗੀਤਾਂਜਲੀ ਸ਼ਰਮਾ,ਸ਼ਾਈਨੀ ਸੋਹਲ,ਅਮਰਜੋਤ ਕੌਰ,ਦਲਜੀਤ ਸਿੰਘ ਕੋਹਲੀ ਆਦਿ ਸ਼ਾਮਿਲ ਸਨ ਇਹ ਸਰਮਨੀ ਡੀਆਈਜੀ ਐਸਐਸ ਚਦੇਲ ਦੀ ਅਗਵਾਈ ਹੇਠ ਮਨਾਈ ਗਈ।

**(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)**

ਆਵਾਜ਼ਿ ਕੌਮ AWAZE QAUM International Newspaper & WEB TV

### ਦਮਦਮੀ ਟਕਸਾਲ ਵੱਲੋਂ ਇੰਗਲੈਂਡ ਵਿਖੇ ਆਯੋਜਿਤ

# ਪਾਠ ਬੋਧ ਸਮਾਗਮ ਦੀ ਹੋਈ ਸੰਪੂਰਨਤਾ




**ਚੌਕ ਮਹਿਤਾ, 19 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਧੰਨ ਧੰਨ ਸਾਹਿਬ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤ ਸਮਾਉਣ ਅਤੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਤਾ ਦਿਵਸ ਦੀ 450 ਸਾਲਾ ਸ਼ਤਾਬਦੀ ਅਤੇ ਦਮਦਮੀ ਟਕਸਾਲ ਦੇ 318ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸ਼ੁੱਧ ਪਾਠ ਬੋਧ ਸਮਾਗਮ ਜੋ ਇੰਗਲੈਂਡ ਦੀ ਧਰਤੀ ਤੇ ਪਹਿਲੀ ਵਾਰ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਵੱਲੋਂ ਇੰਗਲੈਂਡ ਦੀਆਂ ਸਮੁੱਚੀਆਂ ਸੰਗਤਾਂ ਦੇ ਸਹਿਯੋਗ ਨਾਲ 20 ਜੁਲਾਈ ਨੂੰ ਆਰੰਭ ਕੀਤੇ ਗਏ ਸਨ ,ਦੀ ਸੰਪੂਰਨਤਾ ਗੁਰਦੁਆਰਾ ਸ੍ਰੀ ਗੁਰੂ ਹਰਿ ਰਾਏ ਸਾਹਿਬ ਵੈਸਟ ਬਰੋਮਵਿਚ ਬਰਮਿੰਘਮ ਇੰਗਲੈਂਡ ਵਿਖੇ ਹੋਈ। ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਇੰਨਾਂ ਸੰਪੂਰਨਤਾ ਸਮਾਗਮਾਂ ਵਿੱਚ ਸ਼ਿਰਕਤ ਕਰਨ ਲਈ ਇੰਗਲੈਂਡ ਪੁੱਜੇ ਅਤੇ ਸੰਪੂਰਨਤਾ ਸਮਾਗਮ ਮੌਕੇ ਉਹਨਾਂ ਇੰਗਲੈਂਡ ਦੀਆਂ ਸੰਗਤਾਂ ਦਾ ਸਮਾਗਮ ਦੀ ਸੰਪੂਰਨਤਾ ਲਈ ਦਿੱਤੇ ਸਹਿਯੋਗ ਦਾ ਧੰਨਵਾਦ ਕੀਤਾ ਅਤੇ ਸੈਂਕੜੇ ਪ੍ਰਾਣੀ ਜਿੰਨਾ ਪਾਠ ਬੋਧ ਸਮਾਗਮ ਵਿੱਚ ਇੱਕ ਮਹੀਨਾ ਬਿਨਾਂ ਨਾਗਾ ਸੰਥਿਆਂ ਪ੍ਰਾਪਤ ਕੀਤੀ ਉਹਨਾਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ।ਉਹਨਾਂ ਕਿਹਾ ਕਿ ਦਮਦਮੀ ਟਕਸਾਲ ਵੱਲੋਂ ਇੰਗਲੈਂਡ ਵਿਖੇ ਜੋ ਪਿਛਲੇ ਸਮੇਂ ਤੋਂ ਧਰਮ ਪ੍ਰਚਾਰ ਦੀ ਲਹਿਰ ਚਲਾਈ ਜਾ ਰਹੀ ਹੈ ਉਹ ਅੱਗੋਂ ਵੀ ਇਸੇ ਤਰਾਂ ਜਾਰੀ ਰਹੇਗੀ ।ਇਸ ਮੌਕੇ ਸੱਚਖੰਡ ਸ੍ਰੀ ਹਰਮੰਦਰ ਸਾਹਿਬ ਦੇ ਐਡੀਸ਼ਨਲ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਵੀ ਹਾਜ਼ਰ ਸਨ ।ਇਹਨਾਂ ਤੋਂ ਇਲਾਵਾ ਇਸ ਮੌਕੇ ਭਾਈ ਦਯਾ ਸਿੰਘ ਪ੍ਰਧਾਨ ਗੁ.ਹਰਿਰਾਏ ਸਾਹਿਬਵੈਸਟ ਬਰੌਮਚ,ਭਾਈ ਦਇਆ ਸਿੰਘ ਉਪ ਪ੍ਰਧਾਨ,ਭਾਈ ਅੰਮਕਾਰ ਸਿੰਘ, ਭਾਈ ਸਤਨਾਮ ਸਿੰਘ, ਭਾਈ ਪਰਗਣ ਸਿੰਘ, ਭਾਈ ਜੋਗਿੰਦਰ ਸਿੰਘ, ਭਾਈ ਮਨਦੀਪ ਸਿੰਘ, ਭਾਈ ਜਸਵੀਰ ਸਿੰਘ ਖਹਿਰਾ, ਭਾਈ ਜਗਵੀਰ ਸਿੰਘ, ਜਸਵੀਰ ਸਿੰਘ ਸੰਧੂ, ਭਾਈ ਗੁਰਦੇਵ ਸਿੰਘ ਸੰਧੂ, ਭਾਈ ਜਸਪ੍ਰੀਤ ਸਿੰਘ, ਭਾਈ ਜਸਵੰਤ ਸਿੰਘ, ਭਾਈ ਸ਼ਮਸ਼ੇਰ ਸਿੰਘ, ਭਾਈ ਜੋਧਾ ਸਿੰਘ, ਭਾਈ ਨਰਿੰਦਰ ਸਿੰਘ, ਭਾਈ ਜਰਨੈਲ ਸਿੰਘ, ਭਾਈ ਜੋਗਿੰਦਰ ਸਿੰਘ ਪੁਰੇਵਾਲ, ਭਾਈ ਗੁਰਦਿਆਲ ਸਿੰਘ ਰੰਧਾਵਾ, ਭਾਈ ਕੁਲਦੀਪ ਸਿੰਘ ਦਿਓਲ, ਭਾਈ ਹਰਜੀਤ ਸਿੰਘ, ਭਾਈ ਰਣਜੀਤ ਸਿੰਘ, ਭਾਈ ਪਿਆਰਾ ਸਿੰਘ ਭੋਗਲ,ਭਾਈ ਕਪਤਾਨ ਸਿੰਘ, ਭਾਈ ਬਘੇਲ ਸਿੰਘ, ਭਾਈ ਸਤਵਿੰਦਰ ਸਿੰਘ ਜਾਗੋ,ਭਾਈ ਹਰਜੀਤ ਸਿੰਘ ਜਾਗੋ,ਭਾਈ ਰਘਬੀਰ ਸਿੰਘ ਪ੍ਰਧਾਨ ਗੁ.ਬਾਬਾ ਸੰਗ ਜੀ ਬਰਮਿੰਘਮ,ਭਾਈ ਸੁਖਦੀਪ ਸਿੰਘ ਪਤਾਰਾ,ਭਾਈ ਬਲਵਿੰਦਰ ਸਿੰਘ ਚਹੇੜੂ, ਭਾਈ ਤਰਲੋਚਨ ਸਿੰਘ ਦਮਦਮੀ ਟਕਸਾਲ, ਭਾਈ ਸਿਮਰਨਜੀਤ ਸਿੰਘ ਦਮਦਮੀ ਟਕਸਾਲ, ਭਾਈ ਅਜੈ ਸਿੰਘ ਦਮਦਮੀ ਟਕਸਾਲ, ਭਾਈ ਕੁਲਦੀਪ ਸਿੰਘ ਦਮਦਮੀ ਟਕਸਾਲ,ਜਸਬੀਰ ਸਿੰਘ,ਬਹਾਦਰ ਸਿੰਘ,ਜਸਵਿੰਦਰ ਸਿੰਘ ਜੱਸੀ,ਗੁਰਮੀਤ ਸਿੰਘ ਚਹੇੜੂ,ਗੁਰਨਾਮ ਸਿੰਘ,ਭਾਈ ਇਸ਼ਟਮੀਤ ਸਿੰਘ,ਭਾਈ ਅਮਨਦੀਪ ਸਿੰਘ,ਭਾਈ ਗੁਰਵਿੰਦਰ ਸਿੰਘ,ਭਾਈ ਬਲਜੀਤ ਸਿੰਘ,ਭਾਈ ਨਰਿੰਦਰਜੀਤ ਸਿੰਘ,ਭਾਈ ਸਰੂਪ ਸਿੰਘ,ਭਾਈ ਦਵਿੰਦਰ ਸਿੰਘ,ਭਾਈ ਰਾਜਮਨਵਿੰਦਰ ਸਿੰਘ ਕੰਗ ਪ੍ਰਧਾਨ ਗੁ.ਤੇਗ ਬਹਾਦਰ ਲੈਸਟਰ,ਭਾਈ ਲੈਹਬਰ ਸਿੰਘ ਡਰਬੀ,ਭਾਈ ਮਨਜੀਤ ਸਿੰਘ ਦਮਦਮੀ ਟਕਸਾਲ,ਭਾਈ ਦਵਿੰਦਰ ਸਿੰਘ,ਕਮਲਜੀਤ ਸਿੰਘ,ਭਾਈ ਜਸਵਿੰਦਰ ਸਿੰਘ ਪੱਤੜਾ,ਭਾਈ ਜਸਵੰਤ ਸਿੰਘ ਬਲਪੁਰੀਆਂ,ਭਾਈ ਸੁਖਰਾਜ ਸਿੰਘ,ਭਾਈ ਸੁਖਪ੍ਰੀਤ ਸਿੰਘ ਸੁੱਖ,ਭਾਈ ਨਰਿੰਦਰਪਾਲ ਸਿੰਘ ਕਾਲਾ,ਭਾਈ ਕਸ਼ਮੀਰ ਸਿੰਘ,ਭਾਈ ਸਿਮਰਨ ਸਿੰਘ ਜਾਗੋ,,ਭਾਈ ਸੁਖਵਿੰਦਰ ਸਿੰਘ ਸੁੱਖਾ ਫਾਰਮ ਹਾਊਸ,ਭਾਈ ਕਮਲਜੀਤ ਸਿੰਘ,ਭਾਈ ਖਾਲਸਾ ਸਿੰਘ,ਭਾਈ ਦਲਬੀਰ ਸਿੰਘ ਅਮਰੀਕਾ,ਭਾਈ ਮੇਜਰ ਸਿੰਘ ਅਮਰੀਕਾ,ਭਾਈ ਸਰਬਜੋਤ ਸਿੰਘ ਜੋਤਾ ਅਮਰੀਕਾ,ਭਾਈ ਮਨਦੀਪ ਸਿੰਘ ਜੌਹਲ,ਭਾਈ ਜਸਬੀਰ ਸਿੰਘ, ਭਾਈ ਜਗਜੀਤ ਸਿੰਘ ਭਾਈ ਖਜ਼ਾਨ ਸਿੰਘ ਡਰਬੀ, ਭਾਈ ਗੁਰਦੇਵ ਸਿੰਘ ਡਰਬੀ, ਭਾਈ ਕਰਮਜੀਤ ਸਿੰਘ ਸਨਾਮ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਮੌਜੂਦ ਸਨ।

> **ਇੰਗਲੈਂਡ ਦੀ ਧਰਤੀ ਤੇ ਧਰਮ ਪ੍ਰਚਾਰ ਦੀ ਲਹਿਰ ਨਿਰੰਤਰ ਜਾਰੀ ਰੱਖੀ ਜਾਵੇਗੀ - ਬਾਬਾ ਹਰਨਾਮ ਸਿੰਘ ਖ਼ਾਲਸਾ**

### ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਗਮੋਹਨ ਸਿੰਘ ਦੀ ਅਗਵਾਈ 'ਚ ਵਰਕਰਾਂ ਦੇ ਕਾਫ਼ਲੇ ਨੇ ਬਾਬਾ ਬਕਾਲਾ ਸਾਹਿਬ ਵਿਖੇ

# ਆਪ ਪਾਰਟੀ ਦੀ ਹੋਈ ਕਾਨਫਰੰਸ 'ਚ ਕੀਤੀ ਸ਼ਿਰਕਤ



**ਜੰਡਿਆਲਾ ਗੁਰੂ, 19 ਅਗਸਤ ( ਕੁਲਵੰਤ ਸਿੰਘ ਵਿਰਦੀ)**-ਹਰ ਸਾਲ ਭੈਣ ਭਰਾ ਦੇ ਪਿਆਰ ਦਾ ਪ੍ਰਤੀਕ ਰੱਖੜੀ ਦਾ ਤਿਉਹਾਰ ਬਹੁਤ ਪਿਆਰ ਨਾਲ ਮਨਾਇਆ ਜਾਂਦਾ ਹੈ ਅਤੇ ਇਸੇ ਦਿਨ ਬਾਬਾ ਬਕਾਲਾ ਸਾਹਿਬ ਵਿਖੇ ਭਾਈ ਮੱਖਣ ਸ਼ਾਹ ਲੁਬਾਣਾ ਜੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਗੁਰੂ ਦੇ ਰੂਪ ਵਿੱਚ ਪ੍ਰਗਟ ਕਰਕੇ ਉਸ ਸਮੇਂ ਕੋਠੇ ਤੇ ਚੜ੍ਹ ਕੇ ਸੱਚਾ ਗੁਰ ਲਾਧੋ ਰੇ ਦਾ ਹੌਕਾ ਲਾਇਆ ਅਤੇ ਜੋ ਰੱਖੜ ਪੁੰਨਿਆਂ ਵਾਲਿਆਂ ਦਿਨ ਬਾਬਾ ਬਕਾਲਾ ਸਾਹਿਬ ਜੀ ਵਿਖੇ ਸਥਿਤ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਵਿਖੇ ਭਾਰੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੁੰਦੀਆਂ ਹਨ ਅਤੇ ਦੂਜੇ ਪਾਸੇ ਸਿਆਸੀ ਧਾਰਮਿਕ ਕਾਨਫਰੰਸਾਂ ਹੁੰਦੀਆਂ ਹਨ ਜਿਸ ਦੇ ਚੱਲਦਿਆਂ ਅੱਜ ਆਮ ਆਦਮੀ ਪਾਰਟੀ ਵੱਲੋਂ ਕੀਤੀ ਜਾ ਰਹੀ ਕਾਨਫਰੰਸ ਵਿੱਚ ਹਲਕਾ ਜੰਡਿਆਲਾ ਦੇ ਅਧੀਨ ਆਉਂਦੇ ਪਿੰਡ ਤਾਰਾਗੜ੍ਹ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਗਮੋਹਨ ਸਿੰਘ ਦੀ ਅਗਵਾਈ ਵਿੱਚ ਭਾਰੀ ਗਿਣਤੀ ਵਿੱਚ ਪਿੰਡ ਤਾਰਾਗੜ੍ਹ ਤੋਂ ਕਾਫਲਾ ਇੱਕ ਵੱਡੀ ਬੱਸ ਅਤੇ ਇੱਕ ਗੱਡੀ ( ਕਾਰ) ਰਾਹੀਂ ਬਾਬਾ ਬਕਾਲਾ ਸਾਹਿਬ ਵਿਖੇ ਪਹੁੰਚਿਆ ਇਸ ਮੌਕੇ ਜਗਮੋਹਨ ਸਿੰਘ ਨੇ ਗੱਲਬਾਤ ਦੌਰਾਨ ਕਿਹਾ ਕਿ ਆਮ ਆਦਮੀ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ ਅਤੇ ਸਰਦਾਰ ਭਗਵੰਤ ਸਿੰਘ ਮਾਨ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਜੀ ਦੀ ਅਗਵਾਈ ਵਾਲੀ ਸਰਕਾਰ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰ ਰਹੀ ਹੈ ਅਤੇ ਜਿਸ ਦਾ ਅਸਰ ਅੱਜ ਹੋਈ ਕਾਨਫਰੰਸ ਵਿੱਚ ਦਿਖਾਈ ਦੇ ਰਿਹਾ ਹੈ ਕਿਉਂਕਿ ਅੱਜ ਆਮ ਲੋਕ ਆਪਣੇ ਕੰਮਾਂ ਨੂੰ ਛੱਡ ਕੇ ਜਿੱਥੇ ਬਾਬਾ ਬਕਾਲਾ ਸਾਹਿਬ ਵਿਖੇ ਨਤਮਸਤਕ ਹੋ ਰਹੇ ਹਨ ਉੱਥੇ ਸਰਦਾਰ ਭਗਵੰਤ ਸਿੰਘ ਮਾਨ ਜੀ ਦੀਆਂ ਨੀਤੀਆਂ ਪ੍ਰਤੀ ਜਾਣੂੰ ਹੋਣ ਲਈ ਇੱਥੇ ਕਾਨਫਰੰਸ ਚ ਪਹੁੰਚੇ ਰਹੇ ਹਨ ਅੱਗੇ ਉਨ੍ਹਾ ਕਿਹਾ ਕਿ ਹਲਕਾ ਜੰਡਿਆਲਾ ਤੋਂ ਸ੍ਰ ਹਰਭਜਨ ਸਿੰਘ ਈ ਟੀ ਓ ਜੀ ਬਿਜਲੀ ਮੰਤਰੀ ਵੱਲੋਂ 600 ਯੂਨਿਟ ਹਰੇਕ ਵਰਗ ਨੂੰ ਬਿਨਾਂ ਭੇਦ ਭਾਵ ਮੁਆਫ਼ ਕੀਤੇ ਗਏ ਹਨ ਅਤੇ ਨਿਰਵਿਘਨ ਬਿਜਲੀ ਦੀ ਸਪਲਾਈ ਦਿੱਤੀ ਜਾ ਰਹੀ ਹੈ ਜਿਸ ਨਾਲ ਜਿੱਥੇ ਪੰਜਾਬ ਵਾਸੀਆਂ ਵਿੱਚ ਉਤਸ਼ਾਹ ਦੇਖਿਆ ਜਾ ਰਿਹਾ ਉੱਥੇ ਹਲਕਾ ਜੰਡਿਆਲਾ ਦੇ ਲੋਕਾਂ ਵਿੱਚ ਵੀ ਭਾਰੀ ਉਤਸ਼ਾਹ ਦੇਖਿਆ ਗਿਆ ਜਾ ਰਿਹਾ ਹੈ। ਇਸ ਮੌਕੇ ਆਮ ਆਦਮੀ ਪਾਰਟੀ ਦੇ ਆਗੂ ਹਰਦੇਵ ਸਿੰਘ ਸਾਬਕਾ ਮੈਂਬਰ, ਕਵਲਪ੍ਰੀਤ ਸਿੰਘ ਚੀਫ਼, ਜੋਗਿੰਦਰ ਸਿੰਘ ਮੋਨੂੰ, ਬਲਦੇਵ ਸਿੰਘ ਪੱਪੂ, ਬਲਦੇਵ ਸਿੰਘ ਰੇਲਵੇ ਵਾਲੇ, ਸਤਨਾਮ ਸਿੰਘ ਸਾਬਕਾ ਸਰਪੰਚ, ਸਰਬਜੀਤ ਸਿੰਘ ਸੱਬਾ,ਡਾ: ਦੀਦਾਰ ਸਿੰਘ, ਜਥੇਦਾਰ ਸੁਖਦੇਵ ਸਿੰਘ ਸੁੱਖਾ ਆਦਿ ਭਾਰੀ ਗਿਣਤੀ ਚ ਵਰਕਰ ਪਹੁੰਚੇ।

# ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਾਬਾ ਬਕਾਲਾ ਸਾਹਿਬ ਦੀ ਰੈਲੀ ਲਈ ਰਵਾਨਾ



**ਚੌਕ ਮਹਿਤਾ, 19 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਮ ਆਦਮੀ ਪਾਰਟੀ ਦੀ ਰੈਲੀ ਬਾਬਾ ਬਕਾਲਾ ਸਾਹਿਬ ਜੀ ਜਾਣ ਮੌਕੇ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਆਗੂ ਰਾਜਵਿੰਦਰ ਸਿੰਘ ਲਾਡੀ ਸੂਰਜ ਪੱਡਾ ਜਰਮਨ ਸਿੰਘ ਉਦੋਂ ਨੰਗਲ ਬਲਾਕ ਪ੍ਰਧਾਨ, ਜਸਕਰਨ ਸਿੰਘ ਸੰਧੂ, ਮਨਜੀਤ ਸਿੰਘ ਮਲਕ ਨੰਗਲ, ਹਰਪ੍ਰੀਤ ਸਿੰਘ ਮਲਕ ਨੰਗਲ, ਰਾਜਬੀਰ ਸਿੰਘ, ਆਦਿ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਹਾਜ਼ਰ ਸਨ।

# ਭੈਣ ਭਰਾ ਦੇ ਪਿਆਰ ਦਾ ਪ੍ਰਤੀਕ ਰੱਖੜੀ ਦਾ ਤਿਉਹਾਰ: - ਡਾ. ਪ੍ਰੀਤਵੀਨ ਕੌਰ ਸੰਧੂ

**ਜੰਡਿਆਲਾ ਗੁਰੂ, 19 ਅਗਸਤ ( ਕੁਲਵੰਤ ਸਿੰਘ ਵਿਰਦੀ)**-ਪੰਜਾਬ ਵਿੱਚ ਭਾਈਚਾਰਕ ਨੂੰ ਬਰਕਰਾਰ ਰੱਖਣ ਲਈ ਮੇਲਿਆਂ ਦੇ ਰੂਪ ਵਿੱਚ ਦਿਨ ਦਿਹਾੜੇ ਤਿਉਹਾਰ ਮਨਾਏ ਜਾਂਦੇ ਹਨ ਰਿਸ਼ਤਿਆਂ ਦੀ ਸਾਂਝ ਨੂੰ ਬਰਕਰਾਰ ਰੱਖਣ ਲਈ ਪੰਜਾਬ ਵਿੱਚ ਵੱਖ ਵੱਖ ਤਰ੍ਹਾਂ ਦੇ ਤਿਉਹਾਰ ਵੀ ਮਨਾਏ ਜਾਂਦੇ ਹਨ ਜਿਸ ਵਿੱਚੋਂ ਭੈਣ ਭਰਾ ਦੇ ਪਿਆਰ ਦਾ ਪ੍ਰਤੀਕ ਰੱਖੜੀ ਦਾ ਤਿਉਹਾਰ ਬਹੁਤ ਅਹਿਮੀਅਤ ਰੱਖਦਾ ਹੈ ਹਰ ਸਾਲ ਇਹ ਤਿਉਹਾਰ ਬੜੇ ਖੁਸ਼ੀਆਂ ਨਾਲ,ਚਾਵਾਂ ਨਾਲ ਭੈਣਾਂ ਆਪਣੇ ਭਰਾਵਾਂ ਨੂੰ ਪਵਿੱਤਰ ਧਾਗੇ ਦੇ ਰੂਪ ਵਿੱਚ ਰੱਖੜੀ ਬੰਨ ਕੇ, ਆਪਣੇ ਭਰਾਵਾਂ ਦੀ ਲੰਬੀ ਉਮਰ ਲਈ ਅਰਦਾਸ ਕਰਦੀਆਂ ਹਨ ਅਤੇ ਆਪਣੀਆਂ ਖੁਸ਼ੀਆਂ ਸਾਂਝਾ ਕਰਦੀਆਂ ਹਨ ਇਸੇ ਦੀ ਹੀ ਇੱਕ ਮਿਸਾਲ ਸਿਵਲ ਹਸਪਤਾਲ ਵਿੱਚ ਦੇਖਣ ਨੂੰ ਮਿਲੀ ਸਿਵਲ ਹਸਪਤਾਲ ਅੰਮ੍ਰਿਤਸਰ ਦੀ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਪ੍ਰੀਤ ਵੀਨ ਕੌਰ ਸੰਧੂ ਦਾ ਮੰਨਣਾ ਹੈ ਕਿ ਸ੍ਰੀ ਹਰਿ, ਨਾਰਾਇਣ ਜਿਨ੍ਹਾਂ ਨੂੰ ਖ਼ੂਨ ਦੇ ਰਿਸ਼ਤੇ ਵਿੱਚ ਬੰਨ੍ਹਣਾ ਭੁੱਲ ਜਾਂਦੇ ਹਨ, ਉਨ੍ਹਾਂ ਨੂੰ ਇਵੇਂ ਕੱਚੇ ਧਾਗੇ ਦੇ ਰਿਸ਼ਤਿਆਂ ਵਿੱਚ ਬੰਨਦੇ ਹਨ ਐਸੀ ਇੱਕ ਉਦਾਹਰਣ ਦੇਂਦੇ ਹੋਏ ਰੱਖੜੀ ਦੇ ਤਿਉਹਾਰ ਵਾਲੇ ਦਿਨ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਡਾਕਟਰ ਪ੍ਰੀਤ ਵੀਨ ਕੌਰ ਸੰਧੂ ਸੀਨੀਅਰ ਮੈਡੀਕਲ ਅਫ਼ਸਰ ਨੇ ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਪੰਜਾਬ ਦੇ ਸਟੇਟ ਪ੍ਰਧਾਨ ਅਚਾਰੀਆ ਗੁਰੂ ਮੀਤ (ਰਾਜਪ੍ਰੋਹਿਤ) ਸੁਪਰਡੈਂਟ, ਸਿਵਲ ਹਸਪਤਾਲ ਅੰਮ੍ਰਿਤਸਰ ਨੂੰ ਰੱਖੜੀ ਬੰਨ੍ਹ ਕੇ ਦਿੱਤੀ ਹੈ ਇਸ ਮੌਕੇ ਤੇ ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਪੰਜਾਬ ਦੇ ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ ਨੇ ਵੀ ਦੋਹਾਂ ਭੈਣ ਭਰਾ ਨੂੰ ਵਧਾਈ ਦਿੱਤੀ ਅਤੇ ਚੰਗੀ ਸਿਹਤ, ਕਾਮਯਾਬੀ ਅਤੇ ਚੜ੍ਹਦੀ ਕਲਾ ਵਿੱਚ ਰਹਿਣ ਦਾ ਆਸ਼ੀਰਵਾਦ ਦਿੱਤਾ ਡਾਕਟਰ ਪ੍ਰੀਤ ਵੀਨ ਕੌਰ ਨੇ ਆਪਣੇ ਭਰਾ ਆਚਾਰੀਆ ਗੁਰੂ ਮੀਤ ਨੂੰ ਮਿਠਾਈ ਖਿਲਾ ਕੇ ਮੂੰਹ ਮਿੱਠਾ ਵੀ ਕਰਵਾਇਆ ਆਚਾਰੀਆ ਜੀ ਵਲੋਂ ਵੀ ਆਪਣੀ ਵੱਡੀ ਭੈਣ ਪ੍ਰੀਤਵੀਨ ਨੂੰ ਚਰਨ ਵੰਦਨਾ ਕਰਕੇ ਆਸ਼ੀਰਵਾਦ ਪ੍ਰਾਪਤ ਕੀਤਾਂ ਇਸ ਮੌਕੇ ਤੇ ਸਿਵਲ ਹਸਪਤਾਲ ਦਾ ਕਾਫੀ ਸਟਾਫ ਮੌਜੂਦ ਸੀ।




# ਮੈਡਮ ਰੂਨਾ ਰਾਜਪੂਤ ਜਿਲਾ ਪ੍ਰਧਾਨ ਮਹਿਲਾ ਮੋਰਚਾ ਨੂੰ ਮਿਲ ਰਿਹਾ ਵੱਡੀ ਗਿਣਤੀ ਵਿੱਚ ਮਹਿਲਾਵਾਂ ਦਾ ਸਾਥ



ਅੱਜ ਕਸਬਾ ਮੁੱਦਕੀ ਵਿਖੇ ਬਾਬਾ ਬੋਹੜ ਸ਼ਾਹ ਦੇ ਸਥਾਨ ਤੇ ਸਰਦਾਰ ਸ਼ਮਸ਼ੇਰ ਸਿੰਘ ਕਾਕੜ ਜਿਲਾ ਪ੍ਰਧਾਨ ਫਿਰੋਜ਼ਪੁਰ ਭਾਰਤੀ ਜਨਤਾ ਪਾਰਟੀ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਅਤੇ ਸ਼੍ਰੀ ਮਤੀ ਜੈ ਇੰਦਰ ਕੌਰ ਪ੍ਰਧਾਨ ਮਹਿਲਾ ਮੋਰਚਾ ਪੰਜਾਬ ਭਾਰਤੀ ਜਨਤਾ ਪਾਰਟੀ ਦੀ ਰਹਿਨੁਮਾਈ ਹੇਠ ਮੈਡਮ ਰੂਨਾ ਰਾਜਪੂਤ ਜਿਲਾ ਪ੍ਰਧਾਨ ਮਹਿਲਾ ਮੋਰਚਾ ਫਿਰੋਜ਼ਪੁਰ ਭਾਰਤੀ ਜਨਤਾ ਪਾਰਟੀ ਵੱਲੋ ਇੰਦਰਜੀਤ ਕੌਰ ਨੂੰ ਮੀਤ ਪ੍ਰਧਾਨ ਮਹਿਲਾ ਮੋਰਚਾ ਫਿਰੋਜ਼ਪੁਰ ਭਾਜਪਾ ਅਤੇ ਲਖਵਿੰਦਰ ਕੌਰ ਨੂੰ ਮੀਤ ਪ੍ਰਧਾਨ ਮੰਡਲ ਤਲਵੰਡੀ ਭਾਈ ਮਹਿਲਾ ਮੋਰਚਾ ਨਿਯੁਕਤ ਕੀਤਾ ਗਿਆ। ਇਨਾ ਨਿਯੁਕਤੀਆਂ ਵਿੱਚ ਜਸਵਿੰਦਰ ਸਿੰਘ ਬੱਬੂ ਭੈਲ ਕੋਰ ਕਮੇਟੀ ਜਿਲਾ ਫਿਰੋਜ਼ਪੁਰ ਭਾਜਪਾ ਵੱਲੋ ਅਹਿਮ ਭੂਮਿਕਾ ਨਿਭਾਈ ਗਈ।ਇੰਦਰਜੀਤ ਕੌਰ ਅਤੇ ਲਖਵਿੰਦਰ ਕੌਰ ਵੱਲੋ ਪਾਰਟੀ ਵੱਲੋ ਦਿਤੀਆਂ ਗਈਆਂ ਜਿੰਮੇਵਾਰੀਆ ਨੂੰ ਪੂਰੀ ਤਰਾ ਨਿਭਾਉਣ ਦਾ ਭਰੋਸਾ ਦਿਵਾਇਆ ਗਿਆ ਅਤੇ ਨਾਲ ਹੀ ਨਿਯੁਕਤੀਆਂ ਲਈ ਸ਼੍ਰੀ ਸੁਨੀਲ ਕੁਮਾਰ ਜਾਖੜ ਪੰਜਾਬ ਪ੍ਰਧਾਨ ਭਾਜਪਾ, ਜਸਮੇਲ ਸਿੰਘ ਲਾਡੀ ਗਹਿਰੀ Ex-MLA ਇੰਚਾਰਜ ਫਿਰੋਜ਼ਪੁਰ ਦਿਹਾਤੀ ਭਾਜਪਾ ਅਤੇ ਪਾਰਟੀ ਹਾਈਕਮਾਨ ਦਾ ਧੰਨਵਾਦ ਕੀਤਾ। ਇਸ ਸਮਾਗਮ ਵਿੱਚ ਸ਼ਾਮ ਸੁੰਦਰ ਬਾਂਸਲ ਮੰਡਲ ਪ੍ਰਧਾਨ ਤਲਵੰਡੀ ਭਾਈ, ਵਿਜੈ ਕੁਮਾਰ ਕੈਂਥ ਮੀਤ ਪ੍ਰਧਾਨ ਫਿਰੋਜ਼ਪੁਰ, ਰੋਸ਼ਨ ਲਾਲ ਬਜਾਜ ਸੀਨੀਅਰ ਭਾਜਪਾ ਆਗੂ,ਜਗਦੀਸ਼ ਕੁਮਾਰ ਗੋਇਲ, ਸੁਖਮੰਦਰ ਸਿੰਘ ਮਿਸ਼ਰੀ ਵਾਲਾ ਮੀਤ ਪ੍ਰਧਾਨ ਕਿਸਾਨ ਮੋਰਚਾ ਫਿਰੋਜ਼ਪੁਰ ,ਨੈਨਸੀ ਜਨਰਲ ਸਕੱਤਰ ਮਹਿਲਾ ਮੋਰਚਾ ਫਿਰੋਜ਼ਪੁਰ ਭਾਜਪਾ, ਲਵਿਸ਼ ਕੁਮਾਰ ਪ੍ਰਧਾਨ ਯੁਵਾ ਮੋਰਚਾ ਮੰਡਲ ਤਲਵੰਡੀ ਭਾਈ, ਮਨਦੀਪ ਕੁਮਾਰ ਮਨੂੰ, ਲਵਕੇਸ਼ ਕੁਮਾਰ ਕਾਲਾ , ਪਵਨ ਕੁਮਾਰ ਗਰਗ ਮੀਤ ਪ੍ਰਧਾਨ ਮੰਡਲ ਤਲਵੰਡੀ, ਨਿਰਮਲ ਸਿੰਘ ਨੇਤਾ , ਗੁਰਵਿੰਦਰਪਾਲ ਸਿੰਘ ਕਾਲੀ, ਬਲਤੇਜ ਸਿੰਘ, ਡਾ ਵਿਨੋਦ ਕੁਮਾਰ, ਰੇਸ਼ਮ ਸਿੰਘ ਲੁਹਾਮ, ਸੁਖਵਿੰਦਰ ਸਿੰਘ ਸੁੱਖੀ, ਗੁਰਭੇਜ ਸਿੰਘ ਭੇਜਾ, ਗੁਰਦੇਵ ਸਿੰਘ ਆਦਿ ਭਾਜਪਾ ਵਰਕਰ ਹਾਜ਼ਰ ਸਨ।

### ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ

# ਭਾਦੋਂ ਦੀ ਰਖੜ ਪੁਨਿਆ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ





**ਫ਼ਿਰੋਜ਼ਪੁਰ, 19 ਅਗਸਤ (ਮਨੋਹਰ ਲਾਲ) :—** ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਭਾਦੋਂ ਦੀ ਰੱਖੜ ਪੂਨਿਆ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ ਗਿਆ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਕਥਾ ਕਰਦਿਆਂ ਆਖਿਆ ਕਿ ਸਾਰੇ ਦਿਨ ਹੀ ਵਾਹਿਗੁਰੂ ਦੇ ਹਨ, ਸਾਨੂੰ ਦਿਨਾਂ ਨੂੰ ਵੇਖ ਕੇ ਵਿਚਾਰ ਨਹੀਂ ਕਰਨੀ ਚਾਹੀਦੀ ਅਤੇ ਸਾਰੇ ਦਿਨ ਹੀ ਸ਼ੁਭ ਹਨ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਅੱਗੇ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਗੁਰਬਾਣੀ ਦਾ ਪਾਠ ਕਰਨਾ ਚਾਹੀਦਾ ਹੈ, ਨਾਮ ਜਪਣ ਨਾਲ, ਨਾਮ ਸੁਨਣ ਨਾਲ ਅਤੇ ਗੁਰੂ ਘਰ ਦੀ ਸਤਿਸੰਗ ਕਰਨ ਨਾਲ ਤੁਹਾਡੇ ਸਾਰੇ ਦੁੱਖ ਕੱਟੇ ਜਾਣਗੇ। ਬਾਬਾ ਜੀ ਨੇ ਅੱਗੇ ਕਿਹਾ ਕਿ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਅਮਰਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਬਾਠ ਦੇ ਜਨਮ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਜ਼ੋ ਕਿ 24 ਅਗਸਤ ਦਿਨ ਸ਼ਨੀਵਾਰ (9 ਭਾਦਰੋਂ) ਨੂੰ ਮਨਾਇਆ ਜਾਵੇਗਾ। ਸਮੂਹ ਇਲਾਕੇ ਭਰ ਦੀਆਂ ਸੰਗਤਾਂ ਅੱਗੇ ਬੇਨਤੀ ਹੈ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ। ਬਾਬਾ ਜੀ ਨੇ ਅੱਗੇ ਦੱਸਿਆ ਕਿ ਗੁਰਦੁਆਰਾ ਸਾਹਿਬ ਦੇ ਲੰਗਰ ਹਾਲ ਦੀ ਕਾਰ ਸੇਵਾ ਜ਼ੋ ਕਿ ਜੰਗੀ ਪੱਧਰ ਤੇ ਚੱਲ ਰਹੀ ਹੈ, ਸੰਗਤਾਂ ਅੱਗੇ ਬੇਨਤੀ ਹੈ ਕਿ ਉਹ ਤਨ, ਮਨ, ਧੰਨ ਨਾਲ ਸੇਵਾ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਸਟੇਜ਼ ਦੀ ਸੇਵਾ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

### ਪੰਜਾਬ ਵਣ ਵਿਭਾਗ ਵਰਕਰ ਯੂਨੀਅਨ ਫਿਰੋਜ਼ਪੁਰ ਵਲੋਂ

# 7ਵੇਂ ਦਿਨ ਵੀ ਪੱਕਾ ਮੋਰਚਾ ਜਾਰੀ ਰਿਹਾ




### ਜਥੇਬੰਦੀ ਦੇ ਆਗੂਆਂ ਨੇ ਕਿਹਾ ਜੇ ਲੋੜ ਪਈ ਤਾਂ ਡੀ ਐੱਫ ਓ ਦਾ ਘੇਰਾਓ ਵੀ ਕੀਤਾ ਜਾਵੇਗਾ

**ਫਿਰੋਜ਼ਪੁਰ, 19 ਅਗਸਤ ( ਸੁਖਮੰਦਰ ਸਿੰਘ ਸ਼ਾਤ )**-ਪੰਜਾਬ ਵਣ ਵਿਭਾਗ ਵਰਕਰ ਯੂਨੀਅਨ ਵੱਲੋਂ ਲਾਲ ਸਿੰਘ ਪ੍ਰਧਾਨ ਅਤੇ ਸੇ.ਰ ਸਿੰਘ ਜਰਨਲ ਸਕੱਤਰ ਦੀ ਪ੍ਰਧਾਨਗੀ ਹੇਠ ਵਣ ਮੰਡਲ ਅਫ਼ਸਰ ਫਿਰੋਜ਼ਪੁਰ ਦੇ ਦਫ਼ਤਰ ਸਾਹਮਣੇ ਪੱਕਾ ਮੋਰਚਾ ਜਾਰੀ ਰਿਹਾ ਜੱਥੇਬੰਦੀ ਨੇ ਫੇਸਲਾ ਕੀਤਾ ਕੀ ਜਦੋਂ ਤੱਕ ਜੰਗਲਾਤ ਵਰਕਰ ਦੀਆਂ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਇਹ ਪੱਕਾ ਮੋਰਚਾ ਜਾਰੀ ਰਹੇਗਾ ਲੋੜ ਪੈਂਦੀ ਹੈ ਜੱਥੇਬੰਦੀ ਜਿਥੇ ਵੀ ਡੀ ਐਫ ਓ ਫਿਰੋਜ਼ਪੁਰ ਮਿਲਿਆ ਘਰਾਓ ਕੀਤਾ ਜਾਵੇਗਾ 22 ਅਗਸਤ ਨੂੰ ਵਣ ਮੰਡਲ ਸ੍ਰੀ ਮੁਕਤਸਰ ਸਾਹਿਬ ਦੇ ਦਫ਼ਤਰ ਸਾਹਮਣੇ ਧਰਨਾ ਛਿਰੂ ਕੀਤਾ ਜਾਵੇਗਾ ਜੇਕਰ ਕੋਈ ਜਾਨੀ ਮਾਲੀ ਨੁਕਸਾਨ ਹੋਇਆ ਤਾਂ ਡੀ ਐਫ ਓ ਸ੍ਰੀ ਮੁਕਤਸਰ ਸਾਹਿਬ ਜ਼ੁਮੇਵਾਰੀ ਹੋਵੇਗੀ ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਜੋਗਿੰਦਰ ਸਿੰਘ ਕਮੱਘਰ। ਭਜਨ ਸਿੰਘ ਰੇਂਜ ਪ੍ਰਧਾਨ ਫਿਰੋਜ਼ਪੁਰ ਮੱਲ ਸਿੰਘ ਅਜੀਤ ਸਿੰਘ ਜ਼ੀਰਾ ਪੰਜੂ ਸਿੰਘ। ਜਗਤਾਰ ਸਿੰਘ। ਜਗੀਰ ਸਿੰਘ। ਚੇਤਰ ਸਿੰਘ ਰਾਣਾ ਸਿੰਘ। ਲਾਡੀ। ਮੇਹਰ ਸਿੰਘ। ਲਖਵਿੰਦਰ ਸਿੰਘ। ਜਸਵੰਤ ਸਿੰਘ। ਮੰਗਲ ਸਿੰਘ ਛਿੰਦ ਸਿੰਘ ਕੁਲਦੀਪ ਸਿੰਘ। ਆਦਿ ਹਾਜ਼ਰ ਸਨ।

# ਧੂਮਧਾਮ ਨਾਲ ਮਨਾਇਆ ਗਿਆ ਰੱਖੜੀ ਦਾ ਤਿਉਹਾਰ





**ਤਲਵੰਡੀ ਸਾਬੋ, 19 ਅਗਸਤ (ਗੁਰਜੰਟ ਸਿੰਘ ਨਥੇਹਾ)**-ਭੈਣ ਅਤੇ ਭਰਾ ਦੇ ਪਵਿੱਤਰ ਰਿਸ਼ਤੇ ਦਾ ਪ੍ਰਤੀਕ ਰੱਖੜੀ ਦਾ ਤਿਉਹਾਰ ਅੱਜ ਸਮੁੱਚੇ ਦੇਸ਼ ਵਾਂਗ ਉਕਤ ਖਿੱਤੇ ਵਿੱਚ ਵੀ ਧੂੰਮਧਾਮ ਨਾਲ ਮਨਾਇਆ ਗਿਆ। ਭਾਵੇਂ ਕਿ ਹਿੰਦੂ ਮਤ ਅਨੁਸਾਰ ਦੁਪਹਿਰ ਡੇਢ ਵਜੇ ਤੱਕ ਭਦਰਾ ਕਾਲ ਲੱਗਿਆ ਹੋਣ ਕਾਰਨ ਵੱਡੀ ਗਿਣਤੀ 'ਚ ਲੋਕਾਂ ਨੇ ਰੱਖੜੀ ਦਾ ਤਿਉਹਾਰ ਡੇਢ ਵਜੇ ਤੋਂ ਬਾਅਦ ਮਨਾਇਆ ਪਰ ਅੱਜ ਸਵੇਰ ਤੋਂ ਹੀ ਇਤਿਹਾਸਿਕ ਨਗਰ ਤਲਵੰਡੀ ਸਾਬੋ ਵਿਖੇ ਮਠਿਆਈ ਵਾਲੀਆਂ ਅਤੇ ਰੱਖੜੀ ਵਾਲੀਆਂ ਦੁਕਾਨਾਂ ਤੇ ਰੌਣਕ ਦਿਖਾਈ ਦਿੱਤੀ। ਰੱਖੜੀ ਬੰਨਣ ਦੌਰਾਨ ਭੈਣਾਂ ਨੇ ਜਿੱਥੇ ਆਪਣੇ ਵੀਰਾਂ ਦੀ ਤੰਦਰੁਸਤੀ ਅਤੇ ਪਰਿਵਾਰਿਕ ਸੁਖ ਸ਼ਾਂਤੀ ਦੀ ਕਾਮਨਾ ਕੀਤੀ ਉੱਥੇ ਭਰਾਵਾਂ ਨੇ ਵੀ ਪਿਛਲੇ ਸਮੇਂ ਤੋਂ ਚੱਲੀ ਆ ਰਹੀ ਰਵਾਇਤ ਮੁਤਾਬਿਕ ਭੈਣਾਂ ਨੂੰ ਪੂਰਾ ਮਾਨ ਸਨਮਾਨ ਦਿੰਦਿਆਂ ਉਨਾਂ ਨੂੰ ਇਸ ਪਾਵਨ ਤਿਉਹਾਰ ਮੌਕੇ ਵੱਖ-ਵੱਖ ਤਰ੍ਹਾਂ ਦੇ ਤੋਹਫੇ ਭੇਟ ਕੀਤੇ। ਵੱਡੀ ਗਿਣਤੀ 'ਚ ਲੋਕ ਅੱਜ ਗੁਰੂਘਰਾਂ/ਮੰਦਿਰਾਂ ਜਾਂ ਹੋਰਨਾਂ ਧਾਰਮਿਕ ਸਥਾਨਾਂ 'ਤੇ ਨਤਮਸਤਕ ਹੁੰਦੇ ਵੀ ਨਜ਼ਰ ਆਏ।

# ਪਿੰਡ ਜਲਾਲ ਉਸਮਾ ਦੇ ਬਕਿਆ ਵਾਲਿਆਂ ਲਾਇਆ ਲੰਗਰ




**ਚੌਕ ਮਹਿਤਾ, 19 ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਰੱਖੜ ਪੁੰਨਿਆਂ ਦੇ ਦਿਹਾੜੇ ਦੀਆਂ ਖੁਸੀਆ ਵਿੱਚ ਪਿੰਡ ਜਲਾਲ ਉਸਮਾ ਦੇ ਡੇਰਿਆਂ ਦੇ ਨੋਜਵਾਨਾਂ ਨੇ ਗੁਰੂ ਨਾਨਕ ਲੰਗਰ ਲਗਾਇਆ, ਇਸ ਮੌਕੇ ਅਰਸਪਰੀਤ ਸਿੰਘ, ਪਲਵਿੰਦਰ ਸਿੰਘ, ਅੰਮ੍ਰਿਤਪਾਲ ਸਿੰਘ, ਗੁਰਪਾਲ ਸਿੰਘ, ਹੁਸਨ ਪਰੀਤ ਸਿੰਘ ਲਵਪਰੀਤ ਸਿੰਘ, ਜਗਦੇਵ ਸਿੰਘ, ਬਲਵਿੰਦਰ ਸਿੰਘ, ਉਕਾਰ ਸਿੰਘ, ਸੁਖਚੈਨ ਸਿੰਘ, ਹਰਪ੍ਰੀਤ ਸਿੰਘ, ਅਰਮਾਨ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243





### ਬੇਟ ਖੇਤਰ ਦੀਆਂ ਡਰੇਨਾਂ ਦੀ ਤੁਰੰਤ ਸਾਫ ਸਫਾਈ ਕਰਕੇ ਹੜ੍ਹਾਂ ਵਰਗੀਆਂ ਆਫ਼ਤਾਂ ਤੋਂ

# ਕਿਸਾਨਾਂ ਦੀਆਂ ਫਸਲਾਂ ਦੇ ਹੁੰਦੇ ਨੁਕਸਾਨ ਨੂੰ ਬਚਾਇਆ ਜਾਵੇ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 19 ਅਗਸਤ (ਕੁਲਜੀਤ ਸਿੰਘ ਖੋਖਰ)**-ਵਿਧਾਨ ਸਭਾ ਹਲਕਾ ਕਾਦੀਆਂ ਦੇ ਬਲਾਕ ਕਾਹਨੂੰਵਾਨ ਦੇ ਬੇਟ ਦੇ ਨੀਵੇ ਇਲਾਕਿਆਂ ਦੇ ਲੋਕਾਂ ਨੂੰ ਹੜ੍ਹਾਂ ਦੀ ਮਾਰ ਤੋਂ ਬਚਾਉਣ ਲਈ ਪੰਜਾਬ ਸਰਕਾਰ ਵੱਲੋਂ 1977 ਵਿੱਚ ਇਸ ਇਲਾਕੇ ਅੰਦਰ ਨਿਕਾਸੀ ਨਾਲਿਆਂ ਅਤੇ ਕਈ ਛੋਟੀਆਂ ਮੋਟੀਆਂ ਸੇਮ ਡਰੇਨਾਂ ਦਾ ਜਾਲ ਵਿਛਾਇਆ ਸੀ। ਤਾਂ ਜੋ ਇਸ ਇਲਾਕੇ ਦੇ ਲੋਕ ਹੜ੍ਹਾਂ ਦੀ ਮਾਰ ਤੋਂ ਬਚਣ ਦੇ ਨਾਲ ਇਸ ਇਲਾਕੇ ਦੇ ਲੋਕਾਂ ਦੇ ਖੇਤ ਸੇਮ ਦੀ ਮਾਰ ਤੋਂ ਬਚ ਸਕਣ। ਪਰ 1988 ਦੇ ਦਹਾਕੇ ਦੇ ਦੌਰਾਨ ਪੰਜਾਬ ਵਿੱਚ ਆਏ ਹੜ੍ਹਾਂ ਦੇ ਦੌਰਾਨ ਇਹ ਨਿਕਾਸੀ ਨਾਲੀਆਂ ਅਤੇ ਸੇਮ ਡਰੈਨਾਂ ਦਾ ਪਾਣੀ ਇਸ ਇਲਾਕੇ ਦੇ ਲੋਕਾਂ ਲਈ ਆਫਤ ਬਣ ਕੇ ਵਗਿਆ ਸੀ। ਕਿਉਂਕਿ ਉਸ ਸਮੇਂ ਇਹਨਾਂ ਡਰੇਨਾਂ ਦੀ ਸਫਾਈ ਵੱਲ ਤਤਕਾਲੀ ਸਰਕਾਰ ਵੱਲੋਂ ਕੋਈ ਵੀ ਧਿਆਨ ਨਹੀਂ ਦਿੱਤਾ ਗਿਆ ਸੀ। ਇਸ ਇਲਾਕੇ ਦੇ ਲੋਕਾਂ ਨੂੰ ਹੜ੍ਹਾਂ ਦੀ ਮਾਰ ਤੋਂ ਬਚਾਉਣ ਦੇ ਲਈ ਤਤਕਾਲੀ ਕਾਂਗਰਸ ਸਰਕਾਰ ਦੇ ਰਾਜ ਵੇਲੇ ਇਸ ਹਲਕੇ ਦੇ ਐਮਐਲਏ ਪ੍ਰਤਾਪ ਸਿੰਘ ਬਾਜਵਾ ਵੱਲੋਂ ਸਾਲ 2006 ਦੇ ਵਿੱਚ ਡਰੇਨਜ਼ ਵਿਭਾਗ ਪੰਜਾਬ ਦੇ ਇੰਜੀਨੀਅਰਾਂ ਦੀ ਇੱਕ ਟੀਮ ਬੁਲਾ ਕੇ ਇਸ ਹਲਕੇ ਦੇ ਅੰਦਰੋਂ ਸੇਮ ਦੀ ਸਮੱਸਿਆਂ ਨੂੰ ਖ਼ਤਮ ਕਰਨ ਅਤੇ ਬਾਰਸ ਦੇ ਮੌਸਮ ਦੇ ਦੌਰਾਨ ਬਾਰਸ ਦੇ ਪਾਣੀ ਦੀ ਨਿਕਾਸੀ ਦੇ ਢੁਕਵੇਂ ਪ੍ਰਬੰਧ ਕਰਨ ਲਈ ਕਿਹਾ ਗਿਆ ਸੀ। ਪਰ ਨਾ ਤਾਂ ਇਸ ਹਲਕੇ ਅੰਦਰੋਂ ਸੇਮ ਦੀ ਸਮੱਸਿਆ ਖਤਮ ਹੋ ਸਕੀ ਅਤੇ ਨਾ ਹੀ ਇਸ ਹਲਕੇ ਦੇ ਲੋਕਾਂ ਨੂੰ ਹੜ੍ਹਾਂ ਦੀ ਮਾਰ ਤੋਂ ਨਿਜਾਤ ਮਿਲ ਸਕੀ। ਸਗੋਂ ਹਰ ਸਾਲ ਬਾਰਸ ਦੇ ਮੌਸਮ ਦੇ ਦੌਰਾਨ ਇਸ ਹਲਕੇ ਅੰਦਰ ਬਾਰਿਸ਼ ਦਾ ਪਾਣੀ ਇਸ ਹਲਕੇ ਦੇ ਲੋਕਾਂ ਦੇ ਲਈ ਆਫਤ ਬਣ ਕੇ ਵਗਦਾ ਹੈ। ਹੁਣ ਜਦੋਂ ਕਿ ਪੰਜਾਬ ਵਿੱਚ ਮੌਨਸੂਨ ਪੌਣਾਂ ਨੇ ਦਸਤਕ ਦੇ ਦਿੱਤੀ ਹੈ ਪਰ ਹਾਲੇ ਤੱਕ ਇਸ ਇਲਾਕੇ ਦੀਆਂ ਬਹੁਤਾਤ ਨਿਕਾਸੀ ਨਾਲੀਆਂ ਅਤੇ ਸੇਮ ਡਰੇਨਾਂ ਦੀ ਸਾਫ ਸਫਾਈ ਦਾ ਕੰਮ ਸੰਬੰਧਿਤ ਵਿਭਾਗ ਵੱਲੋਂ ਨਹੀਂ ਆਰੰਭਿਆ ਗਿਆ। ਜੇਕਰ ਵੇਲੇ ਸਿਰ ਇਸ ਹਲਕੇ ਦੀਆਂ ਨਿਕਾਸੀ ਨਾਲੀਆਂ ਵਿੱਚ ਉੱਗੀ ਜੰਗਲੀ ਜੜੀ ਬੂਟੀ ਦੀ ਸਾਫ ਸਫਾਈ ਨਾ ਕੀਤੀ ਗਈ ਤਾਂ ਆਉਣ ਵਾਲੇ ਸਮੇਂ ਦੇ ਦੌਰਾਨ ਬਾਰਸ ਦੇ ਮੌਸਮ ਦੇ ਵਿੱਚ ਇਹ ਡਰੇਨਾਂ ਵਿਚ ਇਲਾਕੇ ਦੇ ਲੋਕਾਂ ਦਾ ਵੱਡਾ ਨੁਕਸਾਨ ਕਰ ਸਕਦੀਆਂ ਹਨ। ਇਸ ਸਬੰਧੀ ਜਦੋਂ ਡਰੇਨ ਵਿਭਾਗ ਗੁਰਦਾਸਪੁਰ ਦੇ ਐਸ ਡੀ ਓ ਪਰਮਵੀਰ ਸਿੰਘ ਕਾਹਲੋਂ ਨਾਲ ਗੱਲਬਾਤ ਕੀਤੀ ਤਾ ਉਨ੍ਹਾਂ ਕਿਹਾ ਕਿ ਪ੍ਰਪੋਜਲ ਬਣਾ ਕੇ ਭੇਜ ਦਿਤੀ ਗਈ ਹੈ ਜਦੋ ਪਾਸ ਹੋਏਗੀ ਪਾਸ ਹੋਣ ਤੋਂ ਲੁੜੀਂਦੇ ਫੰਡ ਮਿਲ਼ਣ ਤੇ ਹੀ ਡਰੇਨਾਂ ਦੀ ਸਾਫ ਸਫਾਈ ਦਾ ਕੰਮ ਕਰਵਾ ਦਿੱਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

**ਕੀ ਕਹਿਣਾ ਕਿਸਾਨ ਆਗੂਆਂ ਦਾ**

ਇਸ ਸਬੰਧੀ ਕਿਰਤੀ ਕਿਸਾਨ ਯੂਨੀਅਨ ਦੇ ਸੂਬਾਈ ਆਗੂ ਸਤਬੀਰ ਸਿੰਘ ਸੁਲਤਾਨੀ ਤੇ ਜ਼ਿਲ੍ਹਾ ਸਕੱਤਰ ਅਨੋਖ ਸਿੰਘ ਘੋੜੇਵਾਹ, ਹਰਜਿੰਦਰ ਸਿੰਘ ਘੋੜੇਵਾਹ, ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ ਡਾਕਟਰ ਨਵਦੀਪ ਸਿੰਘ ਘੋੜੇਵਾਹ ਨੇ ਸਾਂਝੇ ਤੌਰ ਤੇ ਕਿਹਾ ਕਿ ਹਰ ਸਾਲ 30 ਜੂਨ ਤੱਕ ਡਰੇਨਾਂ ਦੀ ਸਾਫ਼ ਸਫ਼ਾਈ ਹੋਣੀ ਹੁੰਦੀ ਹੈ। ਜ਼ਿਆਦਾ ਬਰਸਾਤਾਂ ਹੋਣ ਨਾਲ ਜਾਨੀ ਮਾਲੀ ਨੁਕਸਾਨ ਹੋਣ ਦਾ ਖ਼ਦਸ਼ਾ ਹੈ ਜਿਸ ਦੀ ਜ਼ਿੰਮੇਵਾਰੀ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਰਕਾਰ ਦੀ ਹੋਵੇਗੀ। ਆਗੂਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਬਰਸਾਤ ਦੇ ਮੌਸਮ ਨੂੰ ਮੁੱਖ ਰੱਖਦੇ ਹੋਏ ਜਲਦੀ ਤੋਂ ਜਲਦੀ ਡਰੇਨਾਂ ਦੀ ਸਾਫ ਸਫਾਈ ਕਰਵਾਉਣ ਦੀ ਮੰਗ ਕੀਤੀ ਤਾਂ ਜ਼ੋ ਬਰਸਾਤਾਂ ਦੌਰਾਨ ਹੜਾਂ ਵਰਗੀ ਆਫ਼ਤ ਤੋਂ ਬਚਿਆ ਜਾ ਸਕੇ।

# ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਸੂਬੇ ਵਿੱਚ ਗ੍ਰਾਮ ਪੰਚਾਇਤ ਦੀਆਂ ਆਮ ਚੋਣਾਂ ਦੀਆਂ ਤਿਆਰੀਆਂ ਲਈ ਕੀਤੇ ਜਾ ਰਹੇ ਹਨ ਢੁਕਵੇਂ ਪ੍ਰਬੰਧ - ਧੀਮਾਨ

## 20 ਤੋਂ 22 ਅਗਸਤ 2024 ਤੱਕ ਪੰਚਾਇਤੀ ਚੋਣਾਂ ਵਿੱਚ ਵਰਤੀ ਜਾਣ ਵਾਲੀ ਵੋਟਰ ਸੂਚੀ ਨੂੰ ਅੱਪਡੇਟ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ

ਫ਼ਿਰੋਜ਼ਪੁਰ, 19 ਅਗਸਤ (ਸੁਖਮੰਦਰ ਸਿੰਘ ਸ਼ਾਤ)-ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਰਾਜ ਵਿੱਚ ਹੋਣ ਵਾਲੀਆਂ ਗ੍ਰਾਮ ਪੰਚਾਇਤਾਂ ਦੀਆਂ ਆਮ ਚੋਣਾਂ ਦੀਆਂ ਤਿਆਰੀਆਂ ਲਈ ਢੁਕਵੇਂ ਪ੍ਰਬੰਧ ਕੀਤੇ ਜਾ ਰਹੇ ਹਨ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਫ਼ਿਰੋਜ਼ਪੁਰ ਸ੍ਰੀ ਰਾਜੇਸ਼ ਧੀਮਾਨ ਨੇ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਪੰਚਾਇਤੀ ਚੋਣਾਂ ਵਿੱਚ ਵਰਤੋਂ ਲਈ ਵੋਟਰ ਸੂਚੀਆਂ ਦੀ ਯੋਗਤਾ ਮਿਤੀ 1 ਜਨਵਰੀ 2023 ਦੇ ਆਧਾਰ 'ਤੇ 7 ਜਨਵਰੀ 2024 ਨੂੰ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਵੋਟਰ ਸੂਚੀ ਨੂੰ ਮਿਤੀ 29 ਦਸੰਬਰ 2023 ਤੱਕ ਆਮ ਲੋਕਾਂ ਤੋਂ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਕੇ ਅਤੇ 05.01.2024 ਨੂੰ ਉਨ੍ਹਾਂ ਦਾ ਨਿਪਟਾਰਾ ਕਰਕੇ ਅੰਤਿਮ ਪ੍ਰਕਾਸ਼ਨਾ ਕੀਤੀ ਗਈ ਸੀ। ਉਨ੍ਹਾਂ ਅੱਗੇ ਦੱਸਿਆ ਕਿ ਵੋਟਰ ਸੂਚੀਆਂ ਦੀ ਪਵਿੱਤਰਤਾ ਨੂੰ ਬਰਕਰਾਰ ਰੱਖਦਿਆਂ ਇਹ ਯਕੀਨੀ ਬਣਾਉਣ ਲਈ ਕਿ ਸਾਰੇ ਯੋਗ ਵੋਟਰ, ਜਿਨ੍ਹਾਂ ਨੇ ਅਜੇ ਤੱਕ ਵੋਟਰ ਸੂਚੀਆਂ ਵਿੱਚ ਆਪਣਾ ਨਾਮ ਦਰਜ ਨਹੀਂ ਕਰਵਾਇਆ, ਉਹ ਵੋਟਰ ਸੂਚੀਆਂ ਵਿਚ ਆਪਣਾ ਨਾਮ ਦਰਜ ਕਰਵਾ ਸਕਣ, ਇਸ ਲਈ ਕਮਿਸ਼ਨ ਵੱਲੋਂ ਹਦਾਇਤਾਂ ਮੁਤਾਬਕ ਸਮੂਹ ਚੋਣ ਰਜਿਸਟ੍ਰੇਸ਼ਨ ਅਫਸਰਾਂ /ਐਸ.ਡੀ.ਐਮਜ਼ ਵੱਲੋਂ ਕੰਮਕਾਜੀ ਦਿਨਾਂ ਦੌਰਾਨ ਵੋਟਰਾਂ ਨੂੰ ਰਜਿਸਟਰ ਕਰਨ, ਵੋਟਾਂ ਕੱਟਣ ਅਤੇ ਵੋਟਰ ਸੂਚੀ ਵਿੱਚ ਸੋਧ ਲਈ ਆਮ ਲੋਕਾਂ ਤੋਂ ਕ੍ਰਮਵਾਰ ਫਾਰਮ 9, 99 ਅਤੇ 999 ਵਿੱਚ ਅਰਜ਼ੀਆਂ ਨੂੰ ਸਵੀਕਾਰ ਕਰਨ ਲਈ ਮਿਤੀ 20 ਅਗਸਤ 2024 (ਮੰਗਲਵਾਰ), 21 ਅਗਸਤ 2024 (ਬੁੱਧਵਾਰ) ਅਤੇ 22 ਅਗਸਤ 2024 ਵੀਰਵਾਰ ਨੂੰ ਪੰਚਾਇਤੀ ਚੋਣਾਂ ਵਿੱਚ ਵਰਤੀ ਜਾਣ ਵਾਲੀ ਵੋਟਰ ਸੂਚੀ ਨੂੰ ਅੱਪਡੇਟ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ। ਜ਼ਿਲ੍ਹੇ ਵਿੱਚ ਸਬੰਧਤ ਗ੍ਰਾਮ ਪੰਚਾਇਤਾਂ ਦੇ ਮਾਲ ਅਸਟੇਟ ਅਧੀਨ ਆਉਂਦੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਵੋਟ ਰਜਿਸਟਰ ਕਰਵਾਉਣ ਲਈ ਫਾਰਮ 9, ਕਿਸੇ ਵੀ ਇਤਰਾਜ਼/ਵੋਟ ਕਟਾਉਣ ਲਈ ਫਾਰਮ 99 ਅਤੇ ਵੋਟਰ ਸੂਚੀ ਵਿੱਚ ਕਿਸੇ ਵੀ ਸੋਧ ਲਈ ਫਾਰਮ 999 ਦੀ ਵਰਤੋਂ ਕਰ ਸਕਦੇ ਹਨ। ਇਹ ਫਾਰਮ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ (ਐਸ.ਡੀ.ਐਮਜ਼) ਦੇ ਦਫ਼ਤਰ ਵਿਖੇ ਉਪਲਬਧ ਹਨ ਜਾਂ ਇਨ੍ਹਾਂ ਨੂੰ "ਪੰਚਾਇਤੀ ਚੋਣਾਂ ਸਟੈਚੂਅਰੀ ਫਾਰਮਜ਼" ਅਧੀਨ ਕਮਿਸ਼ਨ ਦੀ ਵੈੱਬਸਾਈਟ sec.punjab.gov.in ਤੋਂ ਡਾਊਨਲੋਡ ਕੀਤਾ ਜਾ ਸਕਦਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮਿਸਲ ਸਤਲੁਜ ਵੱਲੋਂ ਪੰਥਕ ਤੇ ਖੇਤਰੀ ਸਿਆਸਤ ਨੂੰ

# ਮੁੜ ਸੁਰਜੀਤੀ ਲਈ ਭਗਤਾ ਭਾਈਕੇ ਵਿਖੇ ਸਿਲਸਿਲਾਵਾਰ ਇਕੱਤਰਤਾ






ਫ਼ਿਰੋਜ਼ਪੁਰ, 19 ਅਗਸਤ (ਮਨੋਹਰ ਲਾਲ) :— ਪੰਥਕ ਸਿਆਸਤ ਨੂੰ ਮੁੜ ਉਸਾਰਨ ਦੇ ਟੀਚੇ ਤਹਿਤ ਮਿਸਲ ਸਤਲੁਜ ਵੱਲੋਂ ਵਿੱਢੀ ਸਮਰੱਥ ਪੰਜਾਬ ਮੁਹਿੰਮ ਤਹਿਤ ਅੱਜ ਭਗਤਾ ਭਾਈਕੇ ਦੇ ਗੁਰਦੁਆਰਾ ਮਹਿਲ ਸਾਹਿਬ ਵਿਖੇ ਅਹਿਮ ਇੱਕਤਰਤਾ ਹੋਈ ਟੀਚੇ ਅਤੇ ਮਨੋਰਥਾਂ ਤੋਂ ਸੰਗਤ ਨੂੰ ਜਾਣੂ ਕਰਵਾਇਆ ਗਿਆ। ਇਸ ਮੌਕੇ ਮਿਸਲ ਸਤਲੁਜ ਦੇ ਪ੍ਰਧਾਨ ਅਜੇਪਾਲ ਸਿੰਘ ਬਰਾੜ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਿਛਲੇ ਸਮੇਂ ਚ ਸੰਗਤ ਨੇ ਹਰ ਸੱਦੇ ਤੇ ਆਪ ਮੁਹਾਰੇ ਵੱਡੇ ਇਕੱਠ ਕਰੇ ਹਨ ਅਤੇ ਹੁਣ ਦੋ ਮੈਂਬਰ ਪਾਰਲੀਮੈਂਟ ਜਿਤਾਏ ਹਨ ਜਿਸ ਨਾਲ ਇਹ ਗੱਲ ਸਪਸ਼ਟ ਹੈ ਕਿ ਸੰਗਤ ਚ ਕੋਈ ਕਮੀ ਨਹੀਂ।ਉਨ੍ਹਾਂ ਕਿਹਾ ਕਿ ਅੱਜ ਦਾ ਨੌਜਵਾਨ ਬਹੁਤ ਸਮਝਦਾਰ ਹੈ ਅਤੇ ਮਸਲਿਆਂ ਦੀ ਢੂੰਘੀ ਸਮਝ ਰਖਦਾ ਹੈ, ਬੱਸ ਉਨ੍ਹਾਂ ਨੂੰ ਲਾਮਬੰਦ ਕਰਨ ਦੀ ਲੋੜ ਹੈ ਜਿਸ ਦਾ ਬੀੜਾ ਮਿਸਲ ਸਤਲੁਜ਼ ਨੇ ਚੱਕਿਆ ਹੈ। ਗੱਲਬਾਤ ਕਰਦਿਆਂ ਦਵਿੰਦਰ ਸਿੰਘ ਸੇਖੋਂ ਜਰਨਲ ਸਕੱਤਰ ਨੇ ਕਿਹਾ ਕਿ ਪੰਜਾਬ ਪੱਖੀ ਖੇਤਰੀ ਸਿਆਸਤ ਖੜੀ ਕਰਨਾ ਸਮੇਂ ਦੀ ਲੋੜ ਹੈ ਅਤੇ ਸਭ ਨੂੰ ਆਪਣਾ ਫਰਜ਼ ਪਹਿਚਾਣਦੇ ਹੋਏ ਇਸ ਦਾ ਹਿੱਸਾ ਬਣਨਾ ਚਾਹੀਦਾ। ਇਸ ਮੌਕੇ ਹਰਦੇਵ ਸਿੰਘ ਬਰਾੜ ਘਣੀਏਵਾਲਾ ਨੇ ਕਿਸਾਨੀ ਅਤੇ ਮਜ਼ਦੂਰ ਵਰਗ ਦੀਆਂ ਸਮੱਸਿਆਵਾਂ ਬਾਬਤ ਗੱਲ ਕੀਤੀ। ਗੁਰਦੁਆਰਾ ਮਹਿਲ ਸਾਬ ਦੇ ਮੁੱਖ ਸੇਵਾਦਾਰ ਹਰਵਿੰਦਰ ਸਿੰਘ ਗੰਗਾਨਗਰ ਵਾਲਿਆਂ ਨੇ ਗੁਰਬਾਣੀ ਦੇ ਹਵਾਲੇ ਨਾਲ ਦੱਸਦੇ ਹੋਏ ਨੌਜਵਾਨਾਂ ਨੂੰ ਗੁਰੂ ਆਸ਼ੇ ਨਾਲ ਜੁੜਨ ਲਈ ਪ੍ਰੇਰਿਆ। ਇਸ ਮੌਕੇ ਤੇ ਹਰਦੀਪ ਸਿੰਘ ਡੋਡ ਸਕੱਤਰ ਯੂਥ, ਗੁਰਚਰਨ ਸਿੰਘ ਖਾਲਸਾ ਪ੍ਰਧਾਨ ਗੁਰਦੁਆਰਾ ਮਹਿਲ ਸਾਹਿਬ, ਡਾਕਟਰ ਨਿਰਭੈਅ ਸਿੰਘ, ਅਮਨਦੀਪ ਡੋਡ, ਰਮਨਦੀਪ ਕੋਠਾ ਗੁਰੂ, ਸ਼ੁਖਚੈਨ ਸਿੰਘ ਨਸ਼ਾ ਵਿਰੋਧੀ ਸੰਘਰਸ਼ ਕਮੇਟੀ, ਸ਼ਗਨਦੀਪ ਕੋਠਾ ਗੁਰੂ ਚੇਤੂ ਡੋਡ, ਦਿਆਲੀ ਸਿੰਘ, ਜਸਵਿੰਦਰ ਡੋਡ, ਪ੍ਰਿਤਾਲ ਸਿੰਘ ਡੋਡ, ਮਨਦੀਪ ਸਿੰਘ ਹਮੀਰਗੜ, ਲਵਪ੍ਰੀਤ, ਸੁਖਮੰਦਰ ਹਮੀਰਗੜ, ਬੌਬੀ ਹਮੀਰਗੜ ਹਾਜ਼ਰ ਸਨ। ਅੰਤ ਵਿੱਚ ਮਿਸਲ ਸਤਲੁਜ ਦੇ ਯੂਥ ਪ੍ਰਧਾਨ ਮਾਲਵਾ ਸੁਖਵਿੰਦਰ ਸਿੰਘ ਗਗਨ ਸਿੱਧੂ ਨੇ ਸਾਰੀਆਂ ਸੰਗਤਾਂ ਅਤੇ ਗੁਰਦੁਆਰਾ ਮਹਿਲ ਸਾਬ ਦੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ ਅਤੇ ਨੌਜਵਾਨਾਂ ਨੂੰ ਵੱਧ ਚੜ੍ਹ ਕੇ ਮਿਸਲ ਸਤਲੁਜ ਦਾ ਸਾਥ ਦੇਣ ਦੀ ਅਪੀਲ ਕੀਤੀ।

### ਸ. ਮਨਦੀਪ ਸਿੰਘ ਨੇ ਡੀ. ਐਸ. ਪੀ. ਧੂਰੀ ਵਿਖੇ ਅਹੁਦਾ ਸੰਭਾਲਿਆ, ਮੁਲਾਜ਼ਮਾਂ ਨੇ ਕੀਤਾ ਸਵਾਗਤ

# ਨਸ਼ਾ ਤਸਕਰਾਂ, ਗੁੰਡਾਗਰਦੀ ਅਪਰਾਧ ਕਰਨ ਵਾਲਿਆਂ ਨੂੰ ਬਖਿਸ਼ਆ ਨਹੀ ਜਾਵੇਗਾ : ਮਨਦੀਪ ਸਿੰਘ



**ਧੂਰੀ ( ਰਣਜੀਤ ਸਿੰਘ ਪੇਧਨੀ )** -ਸ, ਮਨਦੀਪ ਸਿੰਘ ਡੀ.ਐੱਸ.ਪੀ ਨੇ ਧੂਰੀ ਵਿਖੇ ਆਪਣਾ ਅਹੁਦਾ ਸੰਭਾਲ ਲਿਆ ਹੈ ਇਸ ਨਿਯੁਕਤੀ ਨਾਲ ਧੂਰੀ ਦੇ ਇਨਸਾਫ਼ ਪਸੰਦ ਲੋਕਾਂ ਵਿਚ ਖੁਸ਼ੀ ਦਾ ਮਾਹਲ ਹੈ। ਇਸ ਮੌਕੇ ਪ੍ਰੈਸ ਰਾਹੀ ਜਾਣਕਾਰੀ ਸਾਂਝੀ ਕਰਦਿਆਂ ਸ, ਮਨਦੀਪ ਸਿੰਘ ਨੇ ਸਮਾਜ ਦੇ ਲਈ ਮਾੜੇ ਅਨਸਰਾਂ ਨੂੰ ਸਖਤ ਲਿਹਜੇ 'ਚ ਕਿਹਾ ਕਿ ਨਸ਼ਾ ਤਸਕਰਾਂ, ਗੁੰਡਾਗਰਦੀ, ਮਨਚਿਲਆਂ ਅਤੇ ਗੰਭੀਰ ਕਸਮ ਦੇ ਅਪਰਾਧ ਕਰਨ ਵਾਲਿਆ ਨੂੰ ਕਿਸੇ ਵੀ ਕੀਮਤ ਤੇ ਬਖਿਸਆ ਨਹੀ ਜਾਵੇਗਾ। ਉਨ੍ਹਾਂ ਕਿਹਾ ਕਿ ਥਾਣਿਆਂ ਅੰਦਰ ਹਰ ਚੰਗੇ ਨਾਗਿਰਕ ਦਾ ਸਤਿਕਾਰ ਹੋਵੇਗਾ ਅਤੇ ਸਮਾਜ ਵਰੋਧੀ ਅਨਸਰਾਂ ਨਾਲ ਸਖ਼ਤੀ ਨਾਲ ਪੇਸ਼ ਅਇਆ ਜਾਵੇਗਾ। ਸਮਾਜ ਅੰਦਰ ਪੈਦਾ ਹੋਈਆ ਸਮਸਿਆਵਾਂ ਦੇ ਹੱਲ ਵਾਸਤੇ ਉਨਾਂ ਪੱਤਰਕਾਰ ਪ੍ਰੈਸ ਦੇ ਸਹਿਯੋਗ ਦੀ ਮੰਗ ਕਰਦੇ ਕਿਹਾ ਕਿ ਉਨਾਂ ਨੂੰ ਆਸ ਹੈ ਕਿ ਉਹ ਇਲਾਕਾ ਵਾਸੀਆ ਨੂੰ ਬਿਨਾ ਕਿਸੇ ਪੱਖਪਾਤ ਤੋ ਵਧੀਆ ਸੇਵਾਵਾਂ ਦੇਣ ਦੀ ਕਸਿਸ਼ ਕਰਨਗੇ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਵਿਅਕਤੀ ਦੀ ਥਾਣਿਆਂ 'ਚ ਸੁਣਵਾਈ ਨਹੀਂ ਹੁੰਦੀ ਤਾਂ ਉਹ ਮੇਰੇ ਨਾਲ ਸਿੱਧੇ ਤੌਰ 'ਤੇ ਸੰਪਰਕ ਕਰ ਸਕਦਾ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਬਲਵੰਤ ਸਿੰਘ ਐਸ,ਐਚ,ਓ ਸੇਰਪੁਰ, ਟਰੈਫਿਕ ਇੰਨ: ਏ,ਐਸ,ਆਈ ਸੰਜੇ ਕੁਮਾਰ,ਏ ਐਸ,ਆਈ,ਮਿੱਠੂ ਸਿੰਘ, ਮੁਨਸ਼ੀ ਰਾਜਵਿੰਦਰ ਸਿੰਘ ਅਤੇ ਨਾਥ ਸਿੰਘ ਹਾਜਰ ਸਨ।

# ਸਕੂਲ ਵਿਚ ਮਨਾਇਆ ਸੁਤੰਤਰਤਾ ਦਿਵਸ




ਫ਼ਿਰੋਜ਼ਪੁਰ, 19 ਅਗਸਤ (ਮਨੋਹਰ ਲਾਲ) :— ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਮਹਿਤਾ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਸਕੂਲ ਵਿਚ ਸੁਤੰਤਰਤਾ ਦਿਵਸ ਮਨਾਇਆ ਗਿਆ। ਇਸ ਮੌਕੇ ਸਕੂਲੀ ਬੱਚਿਆਂ ਵੱਲੋਂ ਦੇਸ਼ ਭਗਤੀ ਦੇ ਗੀਤ ਗਾਏ ਗਏ ਅਤੇ ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜ਼ਸਪ੍ਰੀਤ ਕੌਰ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸਾਨੂੰ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਰੱਖਣਾ ਚਾਹੀਦਾ ਹੈ, ਜਿਨ੍ਹਾਂ ਨੇ ਦੇਸ਼ ਦੀ ਆਜ਼ਾਦੀ ਵਿਚ ਹਿੱਸਾ ਪਾਇਆ।

## ਮਾਹੀਆ ਛੰਦ



1,,,,, ਆਗੂ
1
ਦਿਨ ਭਾਗਾਂ ਵਾਲਾ ਆਇਆ ਏ।
ਬਾਣੀ ਦਾ ਜਹਾਜ਼ ਗੁਰਾਂ ਨੇ,
ਕਲਯੁੱਗ ਚ ਬਣਾਇਆ ਏ।

2,,,,ਪਾਛੂ
ਮੁੱਖੋਂ ਗੁਰੂ ਫੁਰਮਾਂਉਦੇ ਨੇ।
ਭਾਈ ਗੁਰਦਾਸ ਸਿੱਖ ਜੀ,
ਕਿਵੇਂ ਸੇਵਾ ਨਿਭਾਉਂਦੇ ਨੇ।

3,,,,,ਆਗੂ
ਪੜੋ ਗੁਰੂਆਂ ਦੀ ਬਾਣੀ ਨੂੰ।
ਦਿੰਦੀ ਉਪਦੇਸ਼ ਸੰਗਤੇ,
ਹਰ ਇੱਕ ਹੈ ਪ੍ਰਾਣੀ ਨੂੰ ।

4,,,,,ਪਾਛੂ
ਛੇਆਂ ਗੁਰੂਆਂ ਦੀ ਬਾਣੀ ਹੈ।
ਚਾਰ ਸਿੱਖ ਸੋਭਾ ਪਾਂਵਦੇ,
ਗਿਆਰਾਂ ਭੱਟਾਂ ਦੀ ਕਹਾਣੀ ਹੈ।

5,,,,,ਆਗੂ
ਪੜੇ ਸੁਣੇ ਜਿਹੜਾ ਧਿਆਨ ਧਰਕੇ
ਪੰਦਰਾਂ ਭਗਤ ਗਾਂਵਦੇ,
ਇੰਹਦੀ ਮਹਿਮਾਂ ਨੂੰ ਬਿਆਨ ਕਰਕੇ।

6,,,,,ਪਾਛੂ
ਹੌਲਾ ਜਿੰਦਗੀ ਦਾ ਭਾਰ ਹੋਵੇ।
ਬਾਣੀ ਸੁਣ ਨੌਵੇਂ ਗੁਰਾਂ ਦੀ,
ਬੇੜਾ ਭਵਜਲੋਂ ਪਾਰ ਹੋਵੇ।

7,,,,,ਆਗੂ
ਪੜੋ ਗੁਰੂਆਂ ਦੀ ਬਾਣੀ ਨੂੰ।
ਚੌਂਦਾਂ ਸੋ ਤੇ ਤੀਹ ਅੰਗਾ ਚੋਂ,
ਗਿਆਨ ਮਿਲਦਾ ਪ੍ਰਾਣੀ ਨੂੰ।

8,,,,ਪਾਛੂ
ਕਾਜ ਉਸਦੇ ਸਵਾਰ ਰਹੀ।
ਰੱਖੇ ਜਿਹੜਾ ਓਟ ਇਸ ਤੇ,
ਕਲ ਤਾਤੀ ਵਿੱਚ ਠਾਰ ਰਹੀ।

9,,,,,ਆਗੂ
ਐਸਾ ਬਾਣੀ ਦਾ ਖਜਾਨਾ ਹੈ ।
ਇਕੱਤੀ ਰਾਗਾਂ ਦੀ ਮਾਲਾ ਨੂੰ,
ਤਾਹੀਓਂ ਝੁੱਕਦਾ ਜਮਾਨਾ ਹੈ।

10,,,,,ਪਾਛੂ
ਰਸੂਲਪੁਰੀ ਕਹੇ ਲਿਖਾਰੀ ਜੀ।
ਇੰਹਦੇ ਲੜ ਲਾਗੇ ਗੁਰੂ ਜੀ,
ਮਹਿਮਾਂ ਕਰਕੇ ਪਿਆਰੀ ਜੀ।

**-ਲਿਖਤ ਲਖਵੀਰ ਸਿੰਘ ਰਸੂਲਪੁਰੀ,,**
**9465812599**

## ਬਾਬਾ ਬਕਾਲਾ ਸਾਹਿਬ ਦੇ ਜੋੜ ਮੇਲੇ ਤੇ ਡਿਬਰੂਗੜ ਜੇਲ੍ਹ ਵਿੱਚ ਬੰਦ ਭਾਈ ਅੰਮ੍ਰਿਤਪਾਲ ਸਿੰਘ ਦੇ ਸੱਦੇ ਤੇ ਕੀਤੀ ਪੰਥਕ ਕਾਨਫ਼ਰੰਸ ਬਾਕੀ ਦੋਵਾਂ ਸਿਆਸੀ ਕਾਨਫ਼ਰੰਸਾਂ ਤੋਂ ਗਿਣਤੀ ਪੱਖੋਂ ਵੱਡੀ ਹੋ ਨਿੱਬੜੀ

# ਪੰਥਕ ਇਕੱਠ ਨੇ ਮਤੇ ਰਾਹੀ ਅਕਾਲੀ ਦਲ ਨੂੰ ਦੁਬਾਰਾ ਖੜ੍ਹਾ ਕਰਨ ਲਈ ਇਤਿਹਾਸ ਤੋਂ ਸੇਧ ਲੈਂਦਿਆਂ ਪਿੰਡ ਪੱਧਰ ਤੇ ਅਕਾਲੀ ਜਥੇ ਬਣਾਉਣ ਦਾ ਦਿੱਤਾ ਸੱਦਾ

## ☛ ਗੁਰੂ ਦੀ ਅਸੀਸ ਸਦਕਾ ਹੀ ਖ਼ਾਲਸਾ ਹਰ ਮੈਦਾਨ ਫ਼ਤਿਹ ਕਰੇਗਾ- ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਐੱਮ ਪੀ ☛ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਸਾਰੀਆਂ ਇਮਾਨਦਾਰ ਧਿਰਾਂ ਅਤੇ ਸ਼ਖ਼ਸੀਅਤਾਂ ਦੇ ਸਾਂਝੇ ਸਹਿਯੋਗ ਨਾਲ ਲੜੀਆਂ ਜਾਣ








**ਬਾਬਾ ਬਕਾਲਾ ਸਾਹਿਬ (ਅੰਮ੍ਰਿਤਸਰ), 19 ਅਗਸਤ:** - ਅੱਜ ਇੱਥੇ ਸਾਚਾ ਗੁਰ ਲਾਧੋ ਰੇ, ਰੱਖੜ ਪੁੰਨਿਆਂ ਦੇ ਸਲਾਨਾ ਜੋੜ ਮੇਲੇ ਮੌਕੇ ਗਰਮੀ ਅਤੇ ਹੁੰਮ੍ਹਸ ਦੇ ਬਾਵਜੂਦ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਵੱਲੋਂ ਸੱਦੀ ਪੰਥਕ ਕਾਨਫ਼ਰੰਸ ਪੰਥਕ ਕਾਨਫ਼ਰੰਸ ਦੌਰਾਨ ਵੱਡੀ ਗਿਣਤੀ ਵਿਚ ਸੰਗਤਾਂ ਸ਼ਾਮਿਲ ਹੋਈਆਂ। ਪੰਥਕ ਕਾਨਫ਼ਰੰਸ ਦੀ ਅਗਵਾਈ ਕਿਉਂਕਿ ਬਾਬਾ ਬਕਾਲਾ ਸਾਹਿਬ ਸ਼੍ਰੀ ਖਡੂਰ ਸਾਹਿਬ ਹਲਕੇ ਵਿੱਚ ਪੈਂਦਾ ਹੈ ਇਸ ਲਈ ਚੋਣਾਂ ਵਿੱਚ ਸਰਗਰਮ ਰਹੀ ਭਾਈ ਅੰਮ੍ਰਿਤਪਾਲ ਸਿੰਘ ਦੀ ਟੀਮ ਵੱਲੋਂ ਸਾਂਝੇ ਤੌਰ ਤੇ ਕੀਤੀ ਗਈ ਇਸ ਮੌਕੇ ਬਾਪੂ ਤਰਸੇਮ ਸਿੰਘ ਭਾਈ ਸਰਬਜੀਤ ਸਿੰਘ ਮਲੋਆ ਐਮ ਪੀ ਫ਼ਰੀਦਕੋਟ ਭਾਈ ਸੁਖਵਿੰਦਰ ਸਿੰਘ ਅਗਵਾਨ ਭਾਈ ਚਮਕੌਰ ਸਿੰਘ ਧੁੰਨ ਭਾਈ ਜੁਝਾਰ ਸਿੰਘ ਸੱਥ ਜਥੇਬੰਦੀ ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਭਾਈ ਦਲਜੀਤ ਸਿੰਘ, ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਆਪਣੇ ਵਿਚਾਰ ਰੱਖੇ। ਸਭ ਤੋ ਵੱਡੀ ਗੱਲ ਪੁਰਾਣੇ ਪੰਥਕ ਕਹਾਉਂਦੇ ਲੀਡਰ ਇਸ ਕਾਨਫ਼ਰੰਸ ਵਿੱਚੋਂ ਗੈ.ਰਹਾਜ਼ਰ ਹੀ ਰਹੇ ਕਿਉਂਕਿ ਉਨ੍ਹਾਂ ਨੂੰ ਟੀਮ ਅੰਮ੍ਰਿਤਪਾਲ ਸਿੰਘ ਵੱਲੋਂ ਸੱਦਾ ਹੀ ਨਹੀਂ ਦਿੱਤਾ ਗਿਆ ਸੀ । ਅਕਾਲੀਆਂ ਦੇ ਬਾਗ.ੀ ਧੜੇ ਵੱਲੋਂ ਭਾਵੇਂ ਭਾਈ ਮਨਜੀਤ ਸਿੰਘ ਭੂਰਾ ਕੋਹਨਾਂ ਹਾਜ਼ਰ ਹੋਇਆ ਪਰ ਬੋਲਣ ਦਾ ਮੌਕਾ ਨਹੀਂ ਦਿੱਤਾ ਗਿਆ । ਇਸ ਮੌਕੇ ਮੈਂਬਰ ਲੋਕ ਸਭਾ ਅਤੇ ਵਾਰਸ ਪੰਜਾਬ ਦੇ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਵੱਲੋਂ ਡਿਬਰੂਗੜ ਜੇਲ੍ਹ ਵਿੱਚੋਂ ਸਿੱਖ ਕੌਮ ਦੇ ਨਾਮ ਸੁਨੇਹਾ ਸਭ ਨੂੰ ਸੁਣਾਇਆ ਗਿਆ। ਭਾਰੀ ਇਕੱਠ ਦੌਰਾਨ ਸਤ ਮਤੇ ਪਾਸ ਕੀਤੇ ਗਏ । ਪਹਿਲੇ ਮਤੇ 'ਚ ਸਮੂਹ ਪੰਥ ਦੇ ਦਰਦਮੰਦਾਂ ਨੂੰ ਪੰਥ ਦੀਆਂ ਦੋ ਮਹਾਨ ਜਥੇਬੰਦੀਆਂ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਭਾਰਤੀ ਹੁਕਮਰਾਨਾਂ ਦੇ ਹੱਥ-ਠੋਕੇ ਅਕਾਲੀ ਆਗੂਆਂ, ਜੋ ਪੰਥਕ ਟੀਚੇ ਤੋਂ ਭਟਕ ਕੇ ਸਿੱਖ ਰਵਾਇਤਾਂ ਅਤੇ ਸਿੱਖ ਸਿਧਾਂਤਾਂ ਨੂੰ ਖੋਰਾ ਲਾ ਰਹੇ ਪੰਥ ਦੋਖੀਆਂ ਦੇ ਕਬਜ਼ੇ ਵਿੱਚੋਂ ਅਜ਼ਾਦ ਕਰਾਉਣ ਲਈ ਨਵੀਂ ਰੂਪ ਰੇਖਾ ਉਲੀਕੀ ਗਈ ।ਮਤੇ 'ਚ ਕਿਹਾ ਕਿ ਇਹ ਇਕੱਠ ਫ਼ੈਸਲਾ ਕਰਦਾ ਹੈ ਕਿ ਖਿੰਡੀ ਪੁੰਡੀ ਪੰਥਕ ਤਾਕਤ ਨੂੰ ਜਾਗਰੂਕ ਅਤੇ ਇੱਕਮੁੱਠ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਪੰਥ ਦੀਆਂ ਦੋ ਮਹਾਨ ਜਥੇਬੰਦੀਆਂ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲੰਮੇ ਸਮੇਂ ਤੋਂ ਭਾਰਤੀ ਹੁਕਮਰਾਨਾਂ ਦੇ ਹੱਥ-ਠੋਕੇ ਅਕਾਲੀ ਆਗੂਆਂ ਦੇ ਕਬਜ਼ੇ ਵਿੱਚ ਰਹਿਣ ਕਰਕੇ, ਆਪਣੇ ਪੰਥਕ ਟੀਚੇ ਤੋਂ ਭਟਕ ਕੇ ਸਿੱਖ ਰਵਾਇਤਾਂ ਅਤੇ ਸਿੱਖ ਸਿਧਾਂਤਾਂ ਨੂੰ ਖੋਰਾ ਲਾਉਣ ਦੇ ਰਸਤੇ ਉੱਪਰ ਚੱਲ ਰਹੀਆਂ ਹਨ ।ਇਹਨਾਂ ਜਥੇਬੰਦੀਆਂ ਉੱਪਰ ਕਾਬਜ਼ ਬਾਦਲ ਪਰਿਵਾਰ ਅਤੇ ਉਹਨਾਂ ਦੀ ਚਾਪਲੂਸ ਜੁੰਡਲੀ ਨੇ ਬੀਤੇ ਸਮੇਂ ਵਿੱਚ ਆਪਣੀ 'ਰਾਜਸੀ ਹਵਸ' ਅਧੀਨ ਸਿੱਖ ਕੌਮ ਨਾਲ ਜੋ ਧ੍ਰੋਹ ਕਮਾਏ ਹਨ, ਇਤਿਹਾਸ ਵਿੱਚ ਇਸ ਤਰ੍ਹਾਂ ਦੇ ਘਟੀਆ ਕਿਰਦਾਰ ਦੀ ਕੋਈ ਮਿਸਾਲ ਨਜ਼ਰ ਨਹੀਂ ਆਉਂਦੀ । ਸ਼੍ਰੋਮਣੀ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਸਿੱਖਾਂ ਦੀਆਂ ਕੁਰਬਾਨੀਆਂ ਅਤੇ ਸ਼ਹਾਦਤਾਂ ਰਾਹੀ ਹੋਂਦ ਵਿੱਚ ਆਏ ਸਨ ਅਤੇ ਸਿੱਖਾਂ ਨੇ ਆਪਣੇ ਲਹੂ ਦੀ ਕੀਮਤ ਤਾਰ ਕੇ ਇਹਨਾਂ ਸੰਸਥਾਵਾਂ ਦੇ ਰੁਤਬੇ ਅਤੇ ਮਾਣ ਮਰਯਾਦਾ ਨੂੰ ਹਮੇਸ਼ਾਂ ਕਾਇਮ ਰੱਖਿਆ ਹੈ । ਇਹ ਸੰਸਥਾਵਾਂ ਕਿਸੇ ਪਰਿਵਾਰ ਜਾਂ ਧੜੇ ਦੀ ਬਜਾਏ ਪੰਥ ਦੀ ਸਾਂਝੀ ਅਮਾਨਤ ਹਨ ।ਇਸ ਸੰਦਰਭ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਸਮੂਹ ਸੁਹਿਰਦ ਪੰਥਕ ਧਿਰਾਂ ਅਤੇ ਸ਼ਖ਼ਸੀਅਤਾਂ ਦੇ ਸਾਂਝੇ ਸਹਿਯੋਗ ਨਾਲ ਲੜੀਆਂ ਜਾਣ। ਜਦੋਂ ਹੁਕਮਰਾਨਾਂ ਨੇ ਸਾਡੀ ਹੋਂਦ ਤੇ ਨਿਆਰੀ ਹਸਤੀ ਨੂੰ ਨਿਸ਼ਾਨਾਂ ਬਣਾਇਆ ਹੋਇਆ ਹੈ ਤਾਂ ਸਾਡਾ ਫ਼ਰਜ਼ ਬਣਦਾ ਹੈ ਕਿ ਅਸੀਂ ਸਾਰੇ ਧਾਰਮਿਕ ਅਤੇ ਰਾਜਸੀ ਮਤਭੇਦਾਂ ਨੂੰ ਭੁਲਾ ਕੇ ਪੰਥ ਦੀ ਚੜ੍ਹਦੀ ਕਲਾ ਲਈ ਸਾਂਝੇ ਯਤਨ ਅਰੰਭੀਏ ਅਤੇ ਸਾਂਝੇ ਯਤਨਾਂ ਰਾਹੀਂ ਸ਼੍ਰੋਮਣੀ ਕਮੇਟੀ ਦੇ ਵੋਟਰ ਬਣਾਉਣ ਅਤੇ ਚੋਣਾਂ ਲਈ ਸਾਂਝੇ ਗੁਰਸਿੱਖ ਉਮੀਦਵਾਰਾਂ ਦੀ ਨਿਸ਼ਾਨਦੇਹੀ ਦਾ ਕੰਮ ਬਿਨਾਂ ਦੇਰੀ ਤੋਂ ਅਰੰਭਿਆ ਜਾਵੇ।

ਇਸ ਲਈ ਅੱਜ ਦਾ ਇਹ ਇਕੱਠ ਖ਼ਾਲਸਾ ਪੰਥ ਅੱਗੇ ਆਪਣੀ ਸੁਝਾਅ ਰੂਪੀ ਜੋਦੜੀ ਕਰਦਾ ਹੈ ਕਿ ਜਿਸ ਤਰ੍ਹਾਂ ਸਾਡੇ ਪੁਰਾਤਨ ਅਕਾਲੀ ਯੋਧਿਆਂ ਨੇ ਇਤਿਹਾਸ ਵਿੱਚ ਕੌਮ ਦੀ ਖਿੰਡੀ ਤਾਕਤ ਨੂੰ ਅਕਾਲੀ ਜਥਿਆਂ ਦੇ ਰੂਪ ਵਿੱਚ ਜਥੇਬੰਦ ਕਰਕੇ ਮਹੰਤਾਂ ਤੋਂ ਗੁਰਧਾਮ ਅਜ਼ਾਦ ਕਰਾਏ ਸੀ, ਸਾਨੂੰ ਵੀ ਆਪਣੀਆਂ ਧੜੇਬੰਦਕ ਵਲਗਣਾਂ ਤੋਂ ਉੱਪਰ ਉੱਠ ਕੇ ਉਸੇ ਤਰਜ਼ ਤੇ ਕੌਮ ਦੀ ਖਿੰਡੀ ਤਾਕਤ ਨੂੰ ਪਿੰਡ ਪੱਧਰ ਤੇ ਅਕਾਲੀ ਜਥਿਆਂ ਦੇ ਰੂਪ ਵਿੱਚ ਸੰਗਠਿਤ ਕਰਕੇ ਸ੍ਰੀ ਅਕਾਲ ਤਖ਼ਤ ਸਮੇਤ ਸਾਡੇ ਗੁਰਧਾਮਾਂ ਅਤੇ ਸੰਸਥਾਵਾਂ ਨੂੰ ਅਜ਼ਾਦ ਕਰਨ ਦੇ ਯਤਨ ਅਰੰਭਣੇ ਚਾਹੀਦੇ ਹਨ। ਇਹੀ ਅਕਾਲੀ ਜਥੇ ਅਗਾਮੀ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਦੀ ਸਿਧਾਂਤਕ ਪੁਨਰ ਸਿਰਜਣਾ ਲਈ ਸਾਡੀ ਤਾਕਤ ਬਣਨਗੇ। ਇਤਿਹਾਸ ਗਵਾਹ ਹੈ ਕਿ ਇਹਨਾਂ ਅਕਾਲੀ ਜਥਿਆਂ ਨੇ ਹੀ ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਦੀ ਸਿਰਜਣਾ ਕੀਤੀ ਸੀ ।ਇਹ ਅਕਾਲੀ ਜਥੇ ਖਿੰਡੀ ਹੋਈ ਕੌਮ ਨੂੰ ਇੱਕ ਲੜੀ ਵਿੱਚ ਪਰੋਣ ਦਾ ਵਸੀਲਾ ਸਾਬਤ ਹੋਣਗੇ । ਅੱਜ ਦਾ ਇਹ ਇਕੱਠ ਪੰਥ ਲਈ ਦਰਦਮੰਦ ਹਰੇਕ ਸ਼ਖ਼ਸੀਅਤ ਅਤੇ ਹਰੇਕ ਪੰਥਕ ਧਿਰ ਨੂੰ ਦਿਲ ਦੀਆਂ ਗਹਿਰਾਈਆਂ ਵਿੱਚੋਂ ਅਪੀਲ ਕਰਦਾ ਕਿ ਅਕਾਲੀ ਜਥਿਆਂ ਦੇ ਗਠਨ ਦੇ ਇਸ ਕਾਰਜ ਵਿੱਚ ਆਪਣਾ ਯੋਗਦਾਨ ਪਾਉਣ ਅਤੇ ਸਰਕਾਰ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਜਲਦੀ ਕਰਵਾਉਣ ਦੀ ਆਪਣੀ ਵਿਧਾਨਿਕ ਜ਼ਿੰਮੇਵਾਰੀ ਨਿਭਾਵੇ।

ਐੱਮ ਪੀ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਨੇ ਆਪਣੇ ਸੁਨੇਹੇ 'ਚ ਕਿਹਾ ਕਿ ਪੰਜਾਬ ਤੋਂ ਹਜ਼ਾਰਾਂ ਮੀਲ ਦੂਰ ਜੇਲ੍ਹ 'ਚ ਸਾਰੇ ਸਿੰਘ ਚੜ੍ਹਦੀ ਕਲਾ ਵਿੱਚ ਹਨ। ਉਨ੍ਹਾਂ ਕਿਹਾ ਕਿ ਹਕੂਮਤ ਨੇ ਸਾਡੇ 'ਤੇ ਜ਼ੁਲਮ ਕਰਕੇ ਸੋਚਿਆ ਹੋਵੇਗਾ ਕਿ ਸ਼ਾਇਦ ਇਸ ਤਰ੍ਹਾਂ ਅਸੀਂ ਹਕੂਮਤ ਦੀ ਅਧੀਨਗੀ ਕਬੂਲ ਲਵਾਂਗੇ, ਪਰ ਇਸ ਵਰਤਾਰੇ ਨੇ ਸਾਨੂੰ ਹੋਰ ਮਜ਼ਬੂਤ ਕੀਤਾ ਹੈ। ਜਿਹੜੀਆਂ ਸੰਗਤਾਂ ਨੇ ਸਾਡੀ ਰੂਪੋਸ਼ੀ ਸਮੇਂ ਸਿੱਖ ਨੌਜਵਾਨਾਂ ਉੱਪਰ ਹੋ ਰਹੇ ਹਕੂਮਤੀ ਤਸ਼ੱਦਦ ਵਿਰੁੱਧ ਸੰਘਰਸ਼ ਕੀਤਾ, ਉਹਨਾਂ ਨੂੰ ਸਰਕਾਰ ਨੇ ਜਬਰ ਨਾਲ ਦਬਾਉਣ 'ਚ ਕੋਈ ਕਸਰ ਨਹੀਂ ਛੱਡੀ। ਸਾਡਾ ਕੌਮੀ ਨਿਸ਼ਾਨਾ ਸਪਸ਼ਟ ਹੈ ਜਿਸ ਨੂੰ ਸਾਰੀ ਕੌਮ ਰੋਜ਼ਾਨਾ ਅਰਦਾਸ ਤੋਂ ਬਾਅਦ 'ਰਾਜ ਕਰੇਗਾ ਖ਼ਾਲਸਾ' ਦੇ ਸੰਕਲਪ ਵਜੋਂ ਦੁਹਰਾਉਂਦੀ ਹੈ। 18ਵੀਂ ਸਦੀ ਦੇ ਔਖੇ ਵੇਲਿਆਂ ਵਿੱਚ ਵੀ ਖ਼ਾਲਸਾ ਰਾਜ ਦੀ ਅਵਾਜ਼ ਜੰਗਲਾਂ ਬੇਲਿਆਂ ਵਿੱਚ ਗੂੰਜਾਂ ਪਾਉਂਦੀ ਰਹੀ ਸੀ । ਵੀਹਵੀਂ ਸਦੀ ਵਿੱਚ ਸੰਤ ਬਾਬਾ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਵਿੱਚ ਅਰੰਭੇ ਸੰਘਰਸ਼ ਦੌਰਾਨ ਹਜ਼ਾਰਾਂ ਸ਼ਹਾਦਤਾਂ ਦੇ ਕੇ ਅਸੀਂ ਗੁਰੂ ਨਾਲ਼ ਕੀਤੇ ਇਸ ਬਚਨ ਨੂੰ ਦੁਹਰਾਉਂਦੇ ਰਹੇ ਹਾਂ। ਸਿੱਖ ਲਈ ਖ਼ਾਲਸਾ ਰਾਜ ਦਾ ਸੰਕਲਪ ਆਪਣੇ ਗੁਰੂ ਨਾਲ਼ ਲਿਵ ਦਾ ਮਾਰਗ ਹੈ। ਖ਼ਾਲਸਾ ਰਾਜ ਹੀ ਸ਼ਬਦ ਗੁਰੂ ਦੇ ਵਿਵਹਾਰਿਕ ਅਮਲ ਦੀ ਸਿਖਰ ਹੈ। ਮੇਰਾ ਵਿਸ਼ਵਾਸ ਹੈ ਕਿ ਗੁਰੂ ਨਾਲ਼ ਲਿਵ ਦੇ ਇਸ ਬਚਨ ਨੂੰ ਭੁਲਾ ਕੇ ਅਸੀਂ ਜ਼ਿੰਦਗੀ ਦੇ ਹਰੇਕ ਖੇਤਰ ਵਿੱਚ ਔਝੜ ਰਾਹਾਂ ਦੇ ਸ਼ਿਕਾਰ ਹੋ ਜਾਵਾਂਗੇ। ਮੁੱਖ ਧਾਰਾ ਦੀ ਗੱਲ ਕਰਨ ਵਾਲ਼ੀ ਅਕਾਲੀ ਰਾਜਨੀਤੀ ਇਸ ਦੀ ਪ੍ਰਤੱਖ ਮਿਸਾਲ ਹੈ ।ਜਿਹੜੀ ਹਕੂਮਤ, ਜਿਹੜਾ ਸਿਸਟਮ ਸਾਡੇ ਵੀਰਾਂ ਨੂੰ ਸਜ਼ਾਵਾਂ ਪੂਰੀਆਂ ਹੋ ਜਾਣ ਦੇ ਬਾਵਜੂਦ ਰਿਹਾਅ ਕਰਨ ਲਈ ਤਿਆਰ ਨਹੀਂ, ਉਸ ਤੋਂ ਕਿਸੇ ਵੀ ਤਰ੍ਹਾਂ ਇਨਸਾਫ਼ ਦੀ ਆਸ ਨਹੀਂ ਰੱਖੀ ਜਾ ਸਕਦੀ। ਨਾ ਹੀ ਇਹ ਆਸ ਰੱਖੀ ਜਾ ਸਕਦੀ ਹੈ ਕਿ ਉਹ ਥਾਲ਼ੀ ਵਿੱਚ ਪਰੋਸ ਕੇ ਸਿੱਖਾਂ ਨੂੰ ਉਹਨਾਂ ਦੇ ਹੱਕ ਦੇ ਦੇਵੇਗੀ। ਇਹ ਹਕੂਮਤ ਅਤੇ ਸਿਸਟਮ ਤਾਂ ਸਾਡੀ ਹੋਂਦ ਨੂੰ ਹੀ ਦੁਨੀਆ ਦੇ ਨਕਸ਼ੇ ਤੋਂ ਮਿਟਾ ਦੇਣਾ ਚਾਹੁੰਦਾ ਹੈ। ਜੂਨ 1984 ਅਤੇ ਨਵੰਬਰ 1984 ਦੇ ਘੱਲੂਘਾਰੇ ਅਤੇ ਹੁਣ ਨਸ਼ਿਆਂ ਨੂੰ ਹਥਿਆਰ ਬਣਾ ਕੇ ਕੀਤੀ ਜਾ ਰਹੀ ਨਸਲਕੁਸ਼ੀ ਇਸ ਦੀ ਪ੍ਰਤੱਖ ਮਿਸਾਲ ਹੈ। ਅਸੀਂ ਆਪਣੀ ਕੌਮੀ ਹੋਂਦ ਬਚਾਉਣ ਲਈ ਸੰਘਰਸ਼ ਕਰਨਾ ਹੈ। ਹਰ ਹਾਲਾਤ ਅੰਦਰ ਚੜ੍ਹਦੀ ਕਲਾ ਅਤੇ ਗੁਰੂ ਉੱਪਰ ਭਰੋਸਾ ਹੀ ਸਾਨੂੰ ਸਾਡੀ ਮੰਜ਼ਿਲ ਤਕ ਲੈ ਕੇ ਜਾਵੇਗਾ। ਪੰਥਕ ਜਜ਼ਬਾ ਅਤੇ ਸਿੱਖ ਇਖ਼ਲਾਕ ਦੀ ਬੁਲੰਦੀ ਜੇਕਰ ਸਾਡੀ ਪੂੰਜੀ ਹੋਣਗੇ ਤਾਂ ਗੁਰੂ ਸਾਡੇ ਹਮੇਸ਼ਾਂ ਅੰਗ ਸੰਗ ਹੋਵੇਗਾ। ਗੁਰੂ ਦੀ ਅਸੀਸ ਸਦਕਾ ਹੀ ਖ਼ਾਲਸਾ ਹਰ ਮੈਦਾਨ ਫ਼ਤਿਹ ਕਰੇਗਾ। ਗੁਰੂ ਸਾਹਿਬ ਨੇ ਆਪਣੇ ਸਿੱਖਾਂ ਨਾਲ਼ ਇਹ ਬਚਨ ਕੀਤਾ ਹੋਇਆ ਕਿ ਖ਼ਾਲਸਾ ਜਦ ਤਕ ਆਪਣੀ ਨਿਆਰੀ ਹਸਤੀ ਨੂੰ ਬਰਕਰਾਰ ਰੱਖੇਗਾ ਤਾਂ ਗੁਰੂ ਸਾਹਿਬ ਆਪਣੀ ਬਖ਼ਿਸ਼ਸ਼ ਰੂਪੀ ਤਾਕਤ ਖ਼ਾਲਸੇ ਦੀ ਝੋਲ਼ੀ ਪਾਉਂਦੇ ਰਹਿਣਗੇ। ਭਵਿੱਖ ਵਿੱਚ ਸਮੇਂ-ਸਮੇਂ ਤੁਹਾਡੇ ਨਾਲ਼ ਵਿਚਾਰਾਂ ਦੀ ਸਾਂਝ ਪਾਉਣ ਦਾ ਵਾਅਦਾ ਕਰਦਾ ਹੋਇਆ ਫ਼ਤਿਹ ਬੁਲਾਉਂਦਾ ਹਾਂ।

ਦੂਜੇ ਮਤੇ ਰਾਹੀ ਪੰਥਕ ਇਕੱਠ ਨੇ ਕਿਹਾ ਕਿ ਅੱਜ ਦਾ ਇਹ ਇਕੱਠ ਸਿੱਖ ਸਿਧਾਂਤ ਅਤੇ ਸਿੱਖ ਇਤਿਹਾਸ ਦੀ ਰੌਸ਼ਨੀ ਵਿੱਚ ਇਹ ਸਪਸ਼ਟ ਕਰਦਾ ਹੈ ਕਿ ਤਖ਼ਤ ਸਾਹਿਬਾਨ ਦੇ ਜਥੇਦਾਰ ਸਿੱਖ ਪੰਥ ਦੇ ਰਹਿਨੁਮਾ ਨਹੀਂ, ਸਗੋਂ ਉਹ ਸਿੱਖ ਪੰਥ ਦੀਆਂ ਭਾਵਨਾਵਾਂ ਦੇ ਤਰਜਮਾਨ ਹਨ ।ਜੇਕਰ ਤਖ਼ਤਾਂ ਦੇ ਜਥੇਦਾਰ ਸਿੱਖ ਪੰਥ ਦੀਆਂ ਸੁੱਚੀਆਂ ਭਾਵਨਾਵਾਂ ਦੀ ਤਰਜਮਾਨੀ ਕਰਨ ਤੋਂ ਕੋਈ ਕੁਤਾਹੀ ਕਰਦੇ ਹਨ ਤਾਂ ਇਹ ਉਹਨਾਂ ਵੱਲੋਂ ਆਪਣੇ ਫ਼ਰਜ਼ਾਂ ਵਿੱਚ ਕੁਤਾਹੀ ਸਮਝੀ ਜਾਵੇਗੀ ।ਇਸ ਸੰਦਰਭ ਵਿੱਚ ਇਹ ਇਕੱਠ ਸਾਡੇ ਸਿੰਘ ਸਾਹਿਬਾਨ ਨੂੰ ਪੂਰੇ ਸਤਿਕਾਰ ਸਹਿਤ ਇਹ ਬੇਨਤੀ ਕਰਦਾ ਹੈ ਕਿ ਭਾਰਤ ਸਰਕਾਰ ਦੀਆਂ ਏਜੰਸੀਆਂ ਅਤੇ ਉਹਨਾਂ ਦੇ ਹੱਥ-ਠੋਕੇ ਵਿਦਵਾਨਾਂ ਵੱਲੋਂ ਅਕਾਲੀ ਦਲ ਬਾਦਲ ਨੂੰ ਮੁੜ ਜਿਊਂਦਾ ਕਰਨ ਦੀਆਂ ਚਾਲਾਂ, ਸਾਜ਼ਿਸ਼ਾਂ ਅਤੇ ਡਰਾਮੇਬਾਜ਼ੀਆਂ ਦਾ ਹਿੱਸਾ ਬਣਨ ਤੋਂ ਪੂਰੀ ਤਰ੍ਹਾਂ ਗੁਰੇਜ਼ ਕਰਨ ।ਸਾਡੀ ਸਿੰਘ ਸਾਹਿਬਾਨਾਂ ਨੂੰ ਅਪੀਲ ਹੈ ਕਿ ਪੰਥਕ ਪਾਰਟੀ ਤੋਂ ਪੰਜਾਬੀ ਪਾਰਟੀ ਵਿੱਚ ਤਬਦੀਲ ਹੋ ਚੁੱਕੇ ਬਾਦਲ ਦਲ ਵੱਲੋਂ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਲੰਮਾ ਸਮਾਂ ਆਪਣੇ ਨਿੱਜੀ ਮਨੋਰਥਾਂ ਲਈ ਵਰਤੇ ਜਾਣ ਦੇ ਪਿਛੋਕੜ ਨੂੰ ਦੇਖਦੇ ਹੋਏ ਉਹਨਾਂ ਨੂੰ ਇਸ ਗੱਲ ਤੋਂ ਚੌਕਸ ਰਹਿਣਾ ਚਾਹੀਦਾ ਕਿ ਉਹ ਇਸ ਵਾਰ ਫਿਰ ਅਕਾਲੀ ਆਗੂਆਂ ਦੀ ਬਦਨੀਤੀ ਦਾ ਸ਼ਿਕਾਰ ਨਾ ਬਣ ਜਾਣ ।

ਅੱਜ ਦਾ ਇਹ ਇਕੱਠ ਬਾਦਲ ਪਰਿਵਾਰ ਅਤੇ ਉਨ੍ਹਾਂ ਨਾਲ ਸੱਤਾ ਵਿੱਚ ਭਾਈਵਾਲ਼ ਰਹੇ ਸਮੂਹ ਅਕਾਲੀ ਆਗੂਆਂ ਦੇ ਨਿਰੰਕਾਰੀ ਕਾਂਡ ਤੋਂ ਲੈ ਕੇ ਸੌਦਾ ਸਾਧ ਦੇ ਮਾਮਲੇ ਤਕ ਕੌਮ ਨਾਲ ਕਮਾਏ ਧ੍ਰੋਹ ਅਤੇ ਗੁਨਾਹਾਂ ਨੂੰ ਮੱਦੇਨਜ਼ਰ ਰੱਖਦੇ ਹੋਏ, ਸਿੰਘ ਸਾਹਿਬਾਨਾਂ ਨੂੰ ਬੇਨਤੀ ਕਰਦਾ ਹੈ ਕਿ ਬੀਤੇ ਸਮੇਂ ਵਿੱਚ ਪੱਖਪਾਤੀ ਜਥੇਦਾਰ ਗੁਰਬਚਨ ਸਿੰਘ ਵੱਲੋਂ ਰਾਜਸੀ ਆਕਾਵਾਂ ਦੇ ਦਬਾਅ ਹੇਠ ਸੌਦਾ ਸਾਧ ਨੂੰ ਮੁਆਫ਼ ਕਰਨ ਦੇ ਪੰਥ ਵਿਰੋਧੀ ਫ਼ੈਸਲੇ ਲੈਣ ਕਾਰਨ ਉਹਨਾਂ ਨੂੰ ਅਕਾਲ ਤਖ਼ਤ ਸਾਹਿਬ ਤੇ ਤਲਬ ਕੀਤਾ ਜਾਵੇ ਤਾਂ ਕਿ ਆਉਣ ਵਾਲੇ ਸਮੇਂ ਵਿੱਚ ਕੋਈ ਵਿਅਕਤੀ ਤਾਕਤ ਦੇ ਨਸ਼ੇ ਵਿੱਚ ਪੰਥ ਨਾਲ ਅਜਿਹੇ ਧ੍ਰੋਹ ਕਮਾਉਣ ਦੀ ਜੁਰਅਤ ਨਾ ਕਰ ਸਕੇ । ਅੱਜ ਦਾ ਇਹ ਇਕੱਠ ਸਿੰਘ ਸਾਹਿਬਾਨਾਂ ਨੂੰ ਬੇਨਤੀ ਕਰਦਾ ਕਿ ਬਾਦਲ ਦਲ ਦੀ ਸਰਕਾਰ ਸਮੇਂ ਰਾਜ ਸੱਤਾ ਹੰਢਾਉਂਦੇ ਸਮੂਹ ਅਕਾਲੀ ਆਗੂਆਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਅਤੇ ਬਹਿਬਲ ਕਲਾਂ ਗੋਲੀ ਕਾਂਡ ਸਮੇਂ ਨਿਭਾਏ ਗਏ ਪੰਥ ਦੋਖੀ ਰੋਲ ਬਾਰੇ ਕੋਈ ਵੀ ਫ਼ੈਸਲਾ ਬੰਦ ਕਮਰਿਆਂ ਦੀ ਬਜਾਏ ਸ੍ਰੀ ਅਕਾਲ ਤਖ਼ਤ ਸਾਹਿਬ ਸਾਹਮਣੇ ਸੰਗਤ ਦੀ ਕਚਹਿਰੀ ਵਿੱਚ ਲਿਆ ਜਾਵੇ ।

ਤੀਜਾ ਮਤਾ- ਬੰਦੀ ਸਿੰਘਾਂ ਦੀ ਰਿਹਾਈ ਦਾ ਮਤਾ: ਪਿਛਲੇ ਕਈ ਦਹਾਕਿਆਂ ਤੋਂ ਬੰਦੀ ਸਿੰਘ ਆਪਣੀਆਂ ਕਨੂੰਨੀ ਸਜਾਵਾਂ ਪੂਰੀਆਂ ਕਰ ਚੁੱਕੇ ਹਨ, ਪ੍ਰੰਤੂ ਉਨ੍ਹਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ। ਜ਼ਾਲਮ ਸਰਕਾਰਾਂ ਵੱਲੋਂ 550 ਸਾਲਾ ਸ਼ਤਾਬਦੀ ਮੌਕੇ ਵੀ ਸਿੱਖਾਂ ਨਾਲ ਇਹ ਵਾਅਦਾ ਕੀਤਾ ਗਿਆ ਪ੍ਰੰਤੂ ਉਸ ਤੋਂ ਮੁੱਕਰ ਗਏ। ਇਸ ਮੁੱਦੇ ਵਿੱਚ ਅਸੀਂ ਸਰਕਾਰ ਕੋਲੋਂ ਕੋਈ ਦਯਾ ਜਾ ਰਹਿਮ ਨਹੀਂ ਬਲਕਿ ਮਨੁੱਖੀ ਅਧਿਕਾਰ ਮੰਗ ਰਹੇ ਹਾਂ। ਅਸੀਂ ਸਰਕਾਰ ਨੂੰ ਸਖ਼ਤ ਚੇਤਾਵਨੀ ਦਿੰਦੇ ਹਾਂ ਕਿ ਜਲਦ ਤੋਂ ਜਲਦ ਬੰਦੀ ਸਿੰਘ ਤੁਰੰਤ ਰਿਹਾਅ ਕੀਤਾ ਜਾਣ ਨਹੀਂ ਤਾਂ ਜ਼ਾਲਮ ਹਕੂਮਤ ਖਿਲਾਫ ਇਸ ਮੁੱਦੇ ਤੇ ਵੱਡਾ ਸੰਘਰਸ਼ ਆਰੰਭ ਕੀਤਾ ਜਾਵੇਗਾ।

ਚੌਥਾ ਮਤਾ- ਬੇਅਦਬੀਆਂ ਦੇ ਮਸਲਿਆਂ ਦਾ ਮਤਾ: ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਘੋਰ ਬੇਅਦਬੀਆਂ ਹੋ ਰਹੀਆਂ ਹਨ ਜੋ ਕਿ ਹਰ ਸਿੱਖ ਲਈ ਅਤਿ ਦੁਖਦਾਈ ਹਨ। ਬਰਗਾੜੀ ਤੇ ਬਹਿਬਲ ਕਲਾਂ ਵਰਗੇ ਬੇਅਦਬੀ ਦੇ ਕੇਸਾਂ ਵਿੱਚ ਵੀ ਇਨਸਾਫ਼ ਦੇ ਨਾਂ ਤੇ ਪਿਛਲੀਆਂ

## ਬਾਬਾ ਬਕਾਲਾ ਸਾਹਿਬ ਦੇ ਜੋੜ ਮੇਲੇ ਤੇ ਡਿਬਰੂਗੜ ਜੇਲ੍ਹ ਵਿੱਚ ਬੰਦ ਭਾਈ ਅੰਮ੍ਰਿਤਪਾਲ ਸਿੰਘ ਦੇ ਸੱਦੇ ਤੇ ਕੀਤੀ ਪੰਥਕ ਕਾਨਫ਼ਰੰਸ ਬਾਕੀ ਦੋਵਾਂ ਸਿਆਸੀ ਕਾਨਫ਼ਰੰਸਾਂ ਤੋਂ ਗਿਣਤੀ ਪੱਖੋਂ ਵੱਡੀ ਹੋ ਨਿੱਬੜੀ

# ਪੰਥਕ ਇਕੱਠ ਨੇ ਮਤੇ ਰਾਹੀ ਅਕਾਲੀ ਦਲ ਨੂੰ ਦੁਬਾਰਾ ਖੜ੍ਹਾ ਕਰਨ ਲਈ ਇਤਿਹਾਸ ਤੋਂ ਸੇਧ ਲੈਂਦਿਆਂ ਪਿੰਡ ਪੱਧਰ ਤੇ ਅਕਾਲੀ ਜਥੇ ਬਣਾਉਣ ਦਾ ਦਿੱਤਾ ਸੱਦਾ

## ਪੰਥਕ ਇਕੱਠ ਨੇ ਸਰਕਾਰ ਨੂੰ ਅਲਟੀਮੇਟਮ ਦਿੱਤਾ ਹੈ ਕਿ ਜੇਕਰ ਸਰਕਾਰ ਨੇ 15 ਅਕਤੂਬਰ ਤੱਕ ਭਾਈ ਅੰਮ੍ਰਿਤਪਾਲ ਸਿੰਘ ਅਤੇ ਹੋਰ ਬੰਦੀ ਸਿੰਘਾਂ ਦੀ ਰਿਹਾਈ ਲਈ ਕੋਈ ਕਦਮ ਨਾ ਚੁੱਕਿਆ ਤਾਂ ਇਸ ਸਬੰਧੀ ਵੱਡਾ ਸੰਘਰਸ਼ ਵਿੱਢਿਆ ਜਾਵੇਗਾ












ਸਰਕਾਰਾਂ ਅਤੇ ਮੌਜੂਦਾ ਸਰਕਾਰ ਵੱਲੋਂ ਭੱਦਾ ਮਜ਼ਾਕ ਕੀਤਾ ਜਾ ਰਿਹਾ ਹੈ । ਭਾਰਤ ਸਰਕਾਰ ਦੀ ਸਭ ਤੋਂ ਵੱਡੀ ਏਜੰਸੀ ਸੀ.ਬੀ.ਆਈ ਨੇ ਬਰਗਾੜੀ ਬੇਅਦਬੀ ਕੇਸ ਦੀ ਕਲੋਜ਼ਿੰਗ ਰਿਪੋਰਟ ਅਦਾਲਤ ਵਿੱਚ ਪੇਸ਼ ਕਰਕੇ ਸਰਕਾਰਾਂ ਦੀ ਬੇਅਦਬੀ ਦੇ ਮੁੱਦਿਆਂ ਤੇ ਸਿੱਖਾਂ ਨੂੰ ਸਪਸ਼ਟ ਤੌਰ ਤੇ ਗੁ਼ਲਾਮੀ ਦਾ ਅਹਿਸਾਸ ਕਰਵਾਇਆ।

ਸਿੱਖਾਂ ਲਈ ਸਭ ਤੋਂ ਵੱਡੀ ਦੁੱਖ ਦੀ ਗੱਲ ਓਦੋਂ ਵਾਪਰੀ ਜਦੋਂ ਸਿਰਸੇ ਵਾਲੇ ਸਾਧ ਦੀ ਬੇਅਦਬੀ ਕਾਂਡਾਂ ਵਿਚ ਸਿੱਧੀ ਸ਼ਮੂਲੀਅਤ ਸਾਹਮਣੇ ਆ ਗਈ ਤਾਂ ਐਸ.ਜੀ.ਪੀ.ਸੀ ਨੇ ਆਪਣੇ ਕਨੂੰਨੀ ਜਵਾਬ ਵਿਚ ਦੁਬਾਰਾ ਕੇਸ ਸੀ.ਬੀ ਆਈ ਨੂੰ ਦੇਣ ਲਈ ਜੁਆਬ ਦਾਅਵਾ ਫਾਈਲ ਕਰ ਦਿੱਤਾ । ਭਾਰਤੀ ਅਦਾਲਤਾਂ ਵੱਲੋਂ ਬੇਅਦਬੀ ਕੇਸਾਂ ਨੂੰ ਪੰਜਾਬ ਦੀ ਧਰਤੀ ਤੋਂ ਬਾਹਰ ਤਬਦੀਲ ਕਰਨ ਤੋਂ ਸਾਫ਼ ਜ਼ਾਹਿਰ ਹੈ ਕਿ ਸਰਕਾਰ ਦੀਆਂ ਏਜੰਸੀਆਂ ਨੇ ਵੋਟ ਰਾਜਨੀਤੀ ਦੇ ਤਹਿਤ ਇਹ ਬੇਅਦਬੀਆਂ ਆਪ ਹੀ ਕਰਵਾਈਆਂ। ਸੋ ਇਹ ਇਕੱਠ ਇਹ ਮੰਗ ਕਰਦਾ ਹੈ ਕਿ ਬੇਅਦਬੀਆਂ ਦੇ ਜਿਹੜੇ ਕੇਸ ਪੰਜਾਬ ਤੋਂ ਬਾਹਰ ਤਬਦੀਲ ਕੀਤੇ ਗਏ ਹਨ, ਉਹ ਤੁਰੰਤ ਵਾਪਸ ਪੰਜਾਬ ਵਿਚ ਲਿਆਂਦੇ ਜਾਣ ਅਤੇ ਇਹਨਾਂ ਦੇ ਵਿਚ ਸਿਰਸੇ ਵਾਲੇ ਸਾਧ ਨੂੰ ਮੁੱਖ ਦੋਸ਼ੀ ਗਰਦਾਨਦਿਆਂ ਜਾਵੇ।

ਪੰਜਵਾਂ ਮਤਾ- ਨਸ਼ਿਆਂ ਨੂੰ ਰੋਕਣ ਲਈ ਮਤਾ: ਇਹ ਇਕੱਠ ਮਹਿਸੂਸ ਕਰਦਾ ਹੈ ਪੰਜਾਬ ਦੀ ਰਾਜ ਸੱਤਾ ਤੇ ਕਾਬਜ਼ ਰਹੀਆਂ ਸਮੂਹ ਰਾਜਸੀ ਧਿਰਾਂ ਸਮੇਤ ਮੌਜੂ ਦਾ ਧਿਰ ਅਤੇ ਅਫ਼ਸਰਾਂ ਦੇ ਗੱਠਜੋੜ ਨੇ ਏਜੰਸੀਆਂ ਦੀ ਸਾਜ਼ਿਸ਼ੀ ਤਹਿਤ ਪੰਜਾਬ ਦੀ ਨੌਜਵਾਨੀ ਨੂੰ ਧਰਮ ਤੋਂ ਦੂਰ ਕਰਨ ਲਈ ਅਖੌਤੀ ਸੱਭਿਆਚਾਰ ਦੇ ਨਾਮ ਤੇ ਪਤਿਤ ਪੁਣੇ ਅਤੇ ਨਸ਼ੇ ਵੱਲ ਧਕੇਲਿਆ ।ਨਸ਼ੇ ਤੋਂ ਇਕੱਠੀ ਹੁੰਦੀ ਡਰੱਗ ਮਨੀ ਦੇ ਨਾਲ ਹੀ ਰਾਜਸੀ ਪਾਰਟੀਆਂ ਚੱਲਦੀਆਂ ਹਨ, ਜਿਸ ਦਾ ਸਪਸ਼ਟ ਸਬੂਤ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਚ ਇਕ ਤਤਕਾਲੀ ਡੀ.ਜੀ.ਪੀ ਵੱਲੋਂ ਦਾਇਰ ਕੀਤੇ ਬੰਦ ਲਿਫ਼ਾਫ਼ਾ ਹਲਫ਼ੀਆ ਬਿਆਨ ਵਿੱਚ ਜੋ ਵੱਡੇ ਅਫ਼ਸਰਾਂ ਦੇ ਪੰਜਾਬ ਦੇ ਡਰੱਗ ਲੈਂਡ ਹੋਣ ਦੀ ਗੱਲ ਕਹੀ ਗਈ ਅਤੇ ਇਹ ਬੰਦ ਲਿਫ਼ਾਫ਼ਾ ਅੱਜ ਤੱਕ ਵੀ ਵੱਡੇ ਨਸ਼ਾ ਤਸਕਰਾਂ ਅਤੇ ਰਾਜਸੀ ਨੇਤਾਵਾਂ ਦੇ ਨੈਕਸਜ਼ ਦੇ ਦਬਾਅ ਹੇਠ ਖੋਲ੍ਹਿਆ ਨਹੀਂ ਗਿਆ। ਇਸ ਤੋਂ ਇਲਾਵਾ ਡਰੱਗ ਤਸਕਰੀ ਦੇ ਮਾਮਲੇ ਵਿਚ ਭਗੌੜੇ ਇੱਕ ਤਤਕਾਲੀ ਐਸ.ਐਸ.ਪੀ ਰਾਜਜੀਤ ਸਿੰਘ ਦੀ ਸਪਸ਼ਟ ਸ਼ਮੂਲੀਅਤ ਸਾਹਮਣੇ ਆਉਣ ਤੇ ਵੀ ਅੱਜ ਤਕ ਉਸ ਦੀ ਗ੍ਰਿਫ਼ਤਾਰੀ ਨਹੀਂ ਹੋਈ ਜੋ ਕਿ ਮੌਜੂਦਾ ਪੰਜਾਬ ਸਰਕਾਰ ਦੇ ਮੂੰਹ ਤੇ ਇਕ ਕਰਾਰੀ ਚਪੇੜ ਹੈ। ਨਸ਼ਿਆਂ ਦੇ ਵਰਤਾਰੇ ਨੂੰ ਹਕੂਮਤਾਂ ਸਿੱਖਾਂ ਦੀ ਨਸਲਕੁਸ਼ੀ ਦੇ ਹਥਿਆਰ ਵਜੋਂ ਵਰਤਣ ਲਈ ਖੁੱਲ੍ਹੀ ਛੁੱਟੀ ਦੇ ਰਹੀਆਂ ਹਨ।

ਦੂਜੇ ਪਾਸੇ ਭਾਈ ਅੰਮ੍ਰਿਤਪਾਲ ਸਿੰਘ ਵਰਗੇ ਨੌਜਵਾਨ ਜੋ ਖ਼ਾਲਸਾ ਵਹੀਰ ਰਾਹੀਂ ਨੌਜਵਾਨਾਂ ਨੂੰ ਨਸ਼ਾ ਛਡਵਾ ਕੇ ਕਲਗ਼ੀਧਰ ਪਾਤਸ਼ਾਹ ਜੀ ਦੀ ਖੰਡੇ ਬਾਟੇ ਦੇ ਪਾਹੁਲ ਛਕਾ ਕੇ ਅਨੰਦਪੁਰ ਵਾਪਸੀ ਕਰਵਾ ਰਹੇ ਸੀ ਉਹਨਾਂ ਨੂੰ ਸੋਚੀ ਸਮਝੀ ਸਾਜ਼ਿਸ਼ੀ ਤਹਿਤ ਪੰਜਾਬ ਤੋਂ ਹਜ਼ਾਰਾਂ ਮੀਲ ਦੂਰ ਐਨ.ਐੱਸ.ਏ ਲਗਾ ਕੇ ਕੈਦ ਕਰ ਦਿੱਤਾ। ਇਸ ਤੋਂ ਸਰਕਾਰਾਂ ਦੀ ਪੰਜਾਬ ਦੀ ਨੌਜਵਾਨੀ ਨਸ਼ਿਆਂ ਨਾਲ ਖ਼ਤਮ ਕਰਨ ਦੀ ਸਾਜ਼ਿਸ਼ੀ ਸਪਸ਼ਟ ਹੋ ਗਈ । ਸੋ ਇਹ ਇਕੱਠ ਨਸ਼ਿਆਂ ਦੇ ਖ਼ਾਤਮੇ ਲਈ ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਸ਼ੁਰੂ ਕੀਤੀ ਖ਼ਾਲਸਾ ਵਹੀਰ ਅਤੇ ਉਸ ਦੇ ਕਾਰਜਾਂ ਲਈ ਦਿਨ ਰਾਤ ਜ਼ਮੀਨੀ ਪੱਧਰ ਤੇ ਇਕੱਠੇ ਹੋ ਕੇ ਕੰਮ ਕਾਰਜ ਕਰਨ ਦਾ ਅਹਿਦ ਕਰਦਾ ਹੈ।

ਛੇਵਾਂ ਮਤਾ- ਅੱਜ ਦਾ ਇਹ ਪੰਥਕ ਇਕੱਠ ਕਿਸਾਨੀ ਸੰਘਰਸ਼ ਨਾਲ ਇੱਕਜੁੱਟਤਾ ਦਾ ਅਹਿਦ ਕਰਦਾ ਹੋਇਆ ਸਮੂਹ ਕਿਸਾਨ ਜਥੇਬੰਦੀਆਂ ਦੇ ਸੰਘਰਸ਼ ਨੂੰ ਆਪਣੀ ਹਮਾਇਤ ਦਿੰਦਾ ਹੈ। ਕਿਸਾਨ ਮੋਰਚੇ ਸਮੇਂ ਸਰਕਾਰ ਵੱਲੋਂ ਮੰਨੀਆਂ ਜਾ ਚੁੱਕੀਆਂ ਕਿਸਾਨੀ ਮੰਗਾਂ ਨੂੰ ਲਾਗੂ ਨਾ ਕਰਨ ਦੀ ਨੀਤੀ ਦੀ ਆਲੋਚਨਾ ਕਰਦਾ ਹੋਇਆ ਸ਼ੰਭੂ ਅਤੇ ਖਨੌਰੀ ਬਾਰਡਰ ਉੱਤੇ ਦਿੱਲੀ ਜਾਣ ਲਈ ਸਰਕਾਰ ਵੱਲੋਂ ਲਾਈਆਂ ਗਈਆਂ ਰੋਕਾਂ ਨੂੰ ਤੁਰੰਤ ਹਟਾਉਣ ਅਤੇ ਮੰਗਾ ਪੂਰੀਆਂ ਕਰਨ ਦੀ ਮੰਗ ਕਰਦਾ ਹੈ।

ਸੱਤਵਾਂ ਮਤਾ- ਅੱਜ ਦੇ ਇਸ ਇਕੱਠ ਵਿੱਚ ਸਾਨੂੰ ਇਹ ਕਹਿੰਦਿਆਂ ਕੋਈ ਝਿਜਕ ਮਹਿਸੂਸ ਨਹੀਂ ਹੋ ਰਹੀ ਕਿ ਦੇਸ਼ ਦੀ ਵੰਡ ਤੋਂ ਹੀ ਇਸ ਦੇਸ਼ ਦੇ ਹੁਕਮਰਾਨਾਂ ਦਾ ਸਿੱਖਾਂ ਪ੍ਰਤੀ ਰਵੱਈਆ ਹਮੇਸ਼ਾਂ ਤਾਨਾਸ਼ਾਹੀ ਅਤੇ ਵੈਰ ਭਾਵਨਾ ਵਾਲਾ ਰਿਹਾ ਹੈ ।ਦੇਸ਼ ਦੀ ਹਰੇਕ ਕੌਮੀ ਪਾਰਟੀ ਦਾ ਸਿੱਖਾਂ ਪ੍ਰਤੀ ਨਜ਼ਰੀਆ ਫ਼ਿਰਕਾਪ੍ਰਸਤੀ ਵਾਲਾ ਹੀ ਹੈ । ਇੱਥੋਂ ਤਕ ਇਸ ਦੇਸ਼ ਦੇ ਅਦਾਲਤੀ ਸਿਸਟਮ ਕੋਲ਼ੋਂ ਵੀ ਸਿੱਖਾਂ ਨੂੰ ਕਿਸੇ ਇਨਸਾਫ਼ ਦੀ ਤਵੱਕੋ ਨਹੀਂ ਰਹੀ ਹੈ । ਸਿੱਖ ਬੰਦੀਆਂ ਦੇ ਮਾਮਲੇ ਨੇ ਇਸ ਦੇਸ਼ ਦੇ ਅਦਾਲਤੀ ਸਿਸਟਮ ਦੇ ਚਿਹਰੇ ਨੂੰ ਪੂਰੀ ਤਰ੍ਹਾਂ ਨੰਗਾ ਕਰ ਦਿੱਤਾ ਹੈ । ਕਨੂੰਨ ਮੁਤਾਬਿਕ ਮਿਲੀਆਂ ਸਜ਼ਾਵਾਂ ਤੋਂ ਦੁੱਗਣੀ ਸਜ਼ਾ ਭੁਗਤ ਚੁੱਕੇ ਸਿੱਖਾਂ ਲਈ ਅਦਾਲਤਾਂ ਕੋਲ ਕੋਈ ਇਨਸਾਫ਼ ਨਹੀਂ ਹੈ, ਪਰ ਦੂਜੇ ਪਾਸੇ ਹੁਕਮਰਾਨ ਪਾਰਟੀ ਨਾਲ ਸਬੰਧਿਤ ਦੋਸ਼ੀ ਉਮਰ ਕੈਦ ਦੀ ਸਜ਼ਾ ਦੇ ਮਾਮਲੇ ਵਿੱਚ ਪੰਜ ਸਾਲ ਬਾਅਦ ਰਿਹਾਅ ਕੀਤੇ ਜਾ ਰਹੇ ਹਨ ।ਸੁਮੇਧ ਸੈਣੀ ਜਿਹੇ ਕਾਤਲਾਂ ਨੂੰ ਬਿਨਾਂ ਜੇਲ੍ਹ ਜਾਏ ਜ਼ਮਾਨਤਾਂ ਮਿਲ ਜਾਂਦੀਆਂ ਅਤੇ ਸੌਦਾ ਸਾਧ ਵਰਗੇ ਬਲਾਤਕਾਰੀ ਅਤੇ ਕਾਤਲ ਤਿੰਨ ਮਹੀਨਿਆਂ ਬਾਅਦ ਪੈਰੋਲ ਉੱਪਰ ਆ ਕੇ ਕਨੂੰਨ ਦਾ ਮਜ਼ਾਕ ਉਡਾ ਰਹੇ ਹਨ ।ਏਸੇ ਤਰ੍ਹਾਂ ਲੱਖਾਂ ਵੋਟਾਂ ਹਾਸਲ ਕਰਕੇ ਮੈਂਬਰ ਪਾਰਲੀਮੈਂਟ ਬਣੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਲੋਕ ਸਭਾ ਸੈਸ਼ਨ ਵਿੱਚ ਸ਼ਾਮਲ ਹੋਣ ਲਈ ਜ਼ਮਾਨਤ ਜਾਂ ਪੈਰੋਲ ਨਹੀਂ ਦਿੱਤੀ ਜਾ ਰਹੀ । ਕੇਂਦਰ ਸਰਕਾਰ ਅਤੇ ਪੰਜਾਬ ਦੀ ਭਗਵੰਤ ਸਰਕਾਰ ਨੇ ਤਾਨਾਸ਼ਾਹੀ ਅਤੇ ਗੈਰ ਸੰਵਿਧਾਨਕ ਤਰੀਕਾ ਅਪਣਾਉਂਦੇ ਹੋਏ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਹਨਾਂ ਦੇ ਸਾਥੀਆਂ ਦੀ ਐਨ .ਐੱਸ. ਏ. ਨੂੰ ਵਧਾਉਣ ਦੇ ਤੁਗ਼ਲਕੀ ਫ਼ਰਮਾਨ ਲਾਗੂ ਕਰ ਦਿੱਤੇ ਹਨ । ਅੱਜ ਦਾ ਇਕੱਠ ਇਹ ਐਲਾਨ ਕਰਦਾ ਕਿ ਭਾਈ ਅੰਮ੍ਰਿਤਪਾਲ ਸਿੰਘ ਅਤੇ ਦੂਜੇ ਬੰਦੀ ਸਿੰਘਾਂ ਦੀ ਰਿਹਾਈ ਦੇ ਮੁੱਦੇ ਨੂੰ ਲੈ ਪੰਜਾਬ ਭਰ ਵਿੱਚ ਜਨਤਕ ਲਾਮਬੰਦੀ ਕਰਨ ਲਈ ਜ਼ਿਲ੍ਹਾ ਪੱਧਰ ਉੱਪਰ ਮੀਟਿੰਗਾਂ ਦਾ ਸਿਲਸਿਲਾ ਅਰੰਭਿਆ ਜਾਵੇਗਾ ।ਇਸ ਦੇ ਨਾਲ ਹੀ ਇਹ ਪੰਥਕ ਇਕੱਠ ਸਰਕਾਰ ਨੂੰ ਅਲਟੀਮੇਟਮ ਦਿੰਦਾ ਹੈ ਕਿ ਜੇਕਰ ਸਰਕਾਰ ਨੇ ਭਾਈ ਅੰਮ੍ਰਿਤਪਾਲ ਸਿੰਘ ਸਮੇਤ ਦੂਜੇ ਬੰਦੀ ਸਿੰਘਾਂ ਦੀ ਰਿਹਾਈ ਲਈ 15 ਅਕਤੂਬਰ ਤਕ ਕੋਈ ਕਦਮ ਨਾ ਚੁੱਕਿਆ ਤਾਂ ਇਸ ਸੰਬੰਧੀ ਵੱਡਾ ਸੰਘਰਸ਼ ਅਰੰਭਿਆ ਜਾਵੇਗਾ।

### ਮੂਲ ਪਾਠ - ਅੰਮ੍ਰਿਤਪਾਲ ਸਿੰਘ ਖ਼ਾਲਸਾ ਨਜ਼ਰਬੰਦ ਡਿਬਰੂਗੜ ਜੇਲ੍ਹ ਤੋਂ ਆਇਆ ਸੁਨੇਹਾ

**ਗੁਰੂ ਰੂਪ ਗੁਰੂ ਪਿਆਰੀ ਸਾਧ ਸੰਗਤ ਜੀ ਫ਼ਤਿਹ ਪ੍ਰਵਾਨ ਕਰੋ**

**ਵਾਹਿਗੁਰੂ ਜੀ ਕਾ ਖ਼ਾਲਸਾ॥ ਵਾਹਿਗੁਰੂ ਜੀ ਕੀ ਫ਼ਤਿਹ॥**

ਗੁਰੂ ਸਾਹਿਬ ਦੀ ਕਿਰਪਾ ਸਦਕਾ ਮੈਂ ਚੜ੍ਹਦੀ ਕਲਾ ਵਿੱਚ ਹਾਂ ਅਤੇ ਨਾਲ ਦੇ ਸਾਰੇ ਸਿੰਘ ਵੀ ਚੜ੍ਹਦੀ ਕਲਾ ਵਿੱਚ ਹਨ। ਬੇਸ਼ੱਕ ਸਾਡਾ ਸਰੀਰ ਪੰਜਾਬ ਤੋਂ ਹਜ਼ਾਰਾਂ ਮੀਲ ਦੂਰ ਅਸਾਮ ਚ ਕੈਦ ਹੈ, ਪਰ ਸਾਡੀ ਆਤਮਾ ਪੰਜਾਬ ਵਿੱਚ ਹੈ ਤੇ ਕਦੇ ਪੰਜਾਬ ਤੋਂ ਜੁਦਾ ਨਹੀਂ ਹੋ ਸਕਦੀ। ਜਦੋਂ ਦਾ ਮੈਂ ਪੰਜਾਬ ਦੀ ਧਰਤੀ ਤੇ ਪੈਰ ਧਰਿਆ, ਓਸ ਦਿਨ ਤੋਂ ਹੀ ਸੰਗਤ ਨੇ ਮੈਨੂੰ ਮਣਾਂ ਮੂੰਹੀਂ ਪਿਆਰ ਬਖ਼ਸ਼ਿਆ, ਤੇ ਉਸ ਪਿਆਰ ਦਾ ਮੇਰਾ ਰੋਮ ਰੋਮ ਰਿਣੀ ਹੈ, ਮੇਰੇ ਉੱਪਰ ਸਿੱਖ ਕੌਮ ਦਾ ਐਸਾ ਕਰਜ਼ਾ ਹੈ ਜੋ ਮੈਂ ਹਜ਼ਾਰਾਂ ਜਨਮ ਲੈ ਕੇ ਵੀ ਕੌਮ ਦੀ ਸੇਵਾ ਕਰਕੇ ਨਹੀਂ ਉਤਾਰ ਸਕਦਾ। ਜਦੋਂ ਅਸੀਂ ਪੁਲਿਸ ਦੇ ਘੇਰੇ ਵਿੱਚੋਂ ਨਿਕਲੇ ਤੇ ਜਿਸ ਘਰ ਦਾ ਵੀ ਕੁੰਡਾ ਖੜਕਾਇਆ, ਉਹਨਾਂ ਪਰਿਵਾਰਾਂ ਨੇ ਆਪਣੀ ਜਾਨ ਤੇ ਖੇਡ ਕੇ ਸਾਨੂੰ ਪਨਾਹ ਦਿੱਤੀ, ਤੇ ਸਤਿਗੁਰੂ ਦੀ ਐਸੀ ਕਿਰਪਾ ਰਹੀ ਕਿ ਉਸ ਨੇ ਇੱਕ ਪਲ ਲਈ ਵੀ ਨਹੀਂ ਡੋਲਣ ਦਿੱਤਾ। ਅਸੀਂ ਬਹੁਤ ਚੰਗੇ ਮਾੜੇ ਸਮੇਂ ਵੇਖੇ, ਪਰ ਸਦਾ ਕਲਗ਼ੀਧਰ ਪਾਤਸ਼ਾਹ ਨੂੰ ਯਾਦ ਕੀਤਾ। ਉਸ ਸਮੇਂ ਮੇਰੇ ਅੱਗੇ ਇਸ ਮੁਲਕ ਨੂੰ ਛੱਡ ਕੇ ਬਾਹਰ ਜਾਣ ਦੇ ਸਾਰੇ ਰਾਹ ਖੁੱਲ੍ਹੇ ਸਨ, ਪਰ ਮੇਰੀ ਜ਼ਮੀਰ ਨੇ ਇਸ ਗੱਲ ਨੂੰ ਸੋਚਣਾ ਵੀ ਗਵਾਰਾ ਨਾ ਸਮਝਿਆ। ਆਪਣੀ ਧਰਤੀ, ਆਪਣੇ ਲੋਕ, ਤੇ ਆਪਣੇ ਸਿੰਘਾਂ ਨੂੰ ਛੱਡ ਕੇ ਜਾਣ ਨਾਲੋਂ ਮੈਨੂੰ ਓਸ ਦਿਨ ਵੀ ਮਰਨਾ ਪਰਵਾਨ ਸੀ ਤੇ ਅੱਜ ਵੀ ਪਰਵਾਨ ਹੈ।

ਓਸ ਔਖੀ ਘੜੀ 'ਚ ਬਹੁਤ ਗੱਲਾਂ ਦੀ ਪਰਖ ਹੋਈ, ਜਿਨ੍ਹਾਂ ਤੋਂ ਮੈਨੂੰ ਆਸ ਸੀ, ਉਹਨਾਂ ਨੇ ਮੇਰੇ ਲਈ ਦਰਵਾਜ਼ੇ ਬੰਦ ਕਰ ਦਿੱਤੇ, ਪਰ ਕੋਈ ਰਾਹ ਚਲਦਾ ਨੌਜਵਾਨ ਮੈਨੂੰ ਜ਼ਿਦ ਕਰਕੇ ਆਪਣੇ ਘਰ ਲੈ ਗਿਆ। ਉਸ ਦਾ ਕੱਚਾ ਘਰ ਕੋਈ ਦਰਵਾਜ਼ਾ ਨਹੀਂ, ਮੈਂ ਉਹ ਸਮਾਂ ਯਾਦ ਕਰਕੇ ਅੱਜ ਵੀ ਭਾਵੁਕ ਹੋ ਜਾਂਦਾ ਹਾਂ।

ਹਕੂਮਤ ਨੇ ਸਾਡੇ ਤੇ ਜ਼ੁਲਮ ਕਰਕੇ ਸੋਚਿਆ ਹੋਵੇਗਾ ਕਿ ਸ਼ਾਇਦ ਇਸ ਤਰ੍ਹਾਂ ਅਸੀਂ ਹਕੂਮਤ ਦੀ ਅਧੀਨਗੀ ਕਬੂਲ ਲਵਾਂਗੇ, ਪਰ ਇਸ ਵਰਤਾਰੇ ਨੇ ਸਾਨੂੰ ਹੋਰ ਮਜ਼ਬੂਤ ਕੀਤਾ ਹੈ। ਜਿਹੜੀਆਂ ਸੰਗਤਾਂ ਨੇ ਸਾਡੀ ਰੂਪੋਸ਼ੀ ਸਮੇਂ ਸਿੱਖ ਨੌਜਵਾਨਾਂ ਉੱਪਰ ਹੋ ਰਹੇ ਹਕੂਮਤੀ ਤਸ਼ੱਦਦ ਵਿਰੁੱਧ ਸੰਘਰਸ਼ ਕੀਤਾ, ਉਹਨਾਂ ਨੂੰ ਸਰਕਾਰ ਨੇ ਜਬਰ ਨਾਲ ਦੱਬ ਲਿਆ। ਖ਼ਾਸ ਤੌਰ ਤੇ ਹਰੀਕੇ ਪੁਲ, ਸੋਹਾਣਾ ਮੋਹਾਲੀ ਵਿੱਚ ਜਿਵੇਂ ਸ਼ਾਂਤਮਈ ਸੰਗਤਾਂ ਉੱਤੇ ਜ਼ੁਲਮ ਤੇ ਤਸ਼ੱਦਦ ਕੀਤਾ ਗਿਆ, ਗੱਡੀਆਂ ਭੰਨ ਦਿੱਤੀਆਂ ਗਈਆਂ, ਉਹ ਜ਼ੁਲਮ ਦੀ ਇੰਤਹਾ ਸੀ, ਇਸ ਜਬਰ ਨੂੰ ਸਹਾਰਨ ਵਾਲੀਆਂ ਸੰਗਤਾਂ ਦੇ ਅਸੀਂ ਹਮੇਸ਼ਾਂ ਰਿਣੀ ਰਹਾਂਗੇ। ਜਦੋਂ ਮੈਂ ਜਥੇਦਾਰ ਸਾਹਿਬ ਨੂੰ ਸਰਬੱਤ ਖ਼ਾਲਸਾ ਸੱਦਣ ਦੀ ਬੇਨਤੀ ਕੀਤੀ ਤਾਂ ਮੈਂ ਇਹ ਗੱਲ ਵੀ ਕਹੀ ਸੀ ਕਿ ਮੈਂ ਓਥੇ ਗ੍ਰਿਫ਼ਤਾਰੀ ਦੇਵਾਂਗਾ ਅਤੇ ਸਾਰੇ ਗ੍ਰਿਫ਼ਤਾਰ ਸਿੰਘ ਰਿਹਾ ਕਰ ਦਿੱਤੇ ਜਾਣ ਪਰ ਜਥੇਦਾਰ ਦੀ ਸਾਹਿਬ ਦੀ ਕੋਈ ਮਜਬੂਰੀ ਰਹੀ ਹੋਵੇਗੀ ਕਿ ਉਹ ਸਰਬੱਤ ਖ਼ਾਲਸਾ ਸੱਦਣ ਦੇ ਫ਼ੈਸਲੇ 'ਤੇ ਚੁੱਪ ਹੀ ਹੋ ਗਏ ਪਰ ਫਿਰ ਵੀ ਮੇਰਾ ਕਿਸੇ ਨਾਲ ਕੋਈ ਸ਼ਿਕਵਾ ਨਹੀਂ ਅਤੇ ਨਾ ਹੀ ਆਪਣਿਆਂ ਪ੍ਰਤੀ ਭਵਿੱਖ ਵਿੱਚ ਕਦੀ ਹੋਵੇਗਾ। ਮੈਂ ਸ਼ਹੀਦ ਭਾਈ ਗੁਰਜੰਟ ਸਿੰਘ ਬੁੱਧ ਸਿੰਘ ਵਾਲਾ ਦੇ ਪਿੰਡ ਸ਼ਹੀਦ ਭਾਈ ਸੰਦੀਪ ਸਿੰਘ ਦੀਪ ਸਿੱਧੂ ਦੀ ਪਹਿਲੀ ਬਰਸੀ 'ਤੇ ਸਟੇਜ 'ਤੇ ਇਹ ਆਖਿਆ ਸੀ ਕਿ ਮੇਰੀ ਲੜਾਈ ਆਪਣਿਆਂ ਨਾਲ ਨਹੀਂ ਭਾਵੇਂ ਕੋਈ ਸਾਨੂੰ ਮੰਦਾ ਬੋਲੇ ਅਸੀਂ ਜਰ ਲਵਾਂਗੇ ਪਰ ਕੌਮ ਵਿੱਚ ਖ਼ਾਨਾ-ਜੰਗੀ ਨਹੀਂ ਹੋਣੀ ਚਾਹੀਦੀ। ਇਹ ਮੇਰੇ ਵੱਲੋਂ ਕੀਤੇ ਕਾਰਜਾਂ ਸਮੇਂ ਵੀ ਮੁੱਖ ਉਦੇਸ਼ ਸੀ ਅਤੇ ਭਵਿੱਖ ਵਿੱਚ ਵੀ ਰਹੇਗਾ।

ਸਾਡਾ ਕੌਮੀ ਨਿਸ਼ਾਨਾ ਸਪਸ਼ਟ ਹੈ ਜਿਸ ਨੂੰ ਸਾਰੀ ਕੌਮ ਰੋਜ਼ਾਨਾ ਅਰਦਾਸ ਤੋਂ ਬਾਅਦ 'ਰਾਜ ਕਰੇਗਾ ਖ਼ਾਲਸਾ' ਦੇ ਸੰਕਲਪ ਵਜੋਂ ਦੁਹਰਾਉਂਦੀ ਹੈ। 18ਵੀਂ ਸਦੀ ਦੇ ਔਖੇ ਵੇਲਿਆਂ ਵਿੱਚ ਵੀ ਖ਼ਾਲਸਾ ਰਾਜ ਦੀ ਅਵਾਜ਼ ਜੰਗਲਾਂ ਬੇਲਿਆਂ ਵਿੱਚ ਗੂੰਜਾਂ ਪਾਉਂਦੀ ਰਹੀ ਸੀ । ਵੀਹਵੀਂ ਸਦੀ ਵਿੱਚ ਸੰਤ ਬਾਬਾ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਵਿੱਚ ਅਰੰਭੇ ਸੰਘਰਸ਼ ਦੌਰਾਨ ਹਜ਼ਾਰਾਂ ਸ਼ਹਾਦਤਾਂ ਦੇ ਕੇ ਅਸੀਂ ਗੁਰੂ ਨਾਲ਼ ਕੀਤੇ ਇਸ ਬਚਨ ਨੂੰ ਦੁਹਰਾਉਂਦੇ ਰਹੇ ਹਾਂ। ਸਿੱਖ ਲਈ ਖ਼ਾਲਸਾ ਰਾਜ ਦਾ ਸੰਕਲਪ ਆਪਣੇ ਗੁਰੂ ਨਾਲ਼ ਲਿਵ ਦਾ ਮਾਰਗ ਹੈ। ਖ਼ਾਲਸਾ ਰਾਜ ਹੀ ਸ਼ਬਦ ਗੁਰੂ ਦੇ ਵਿਵਹਾਰਿਕ ਅਮਲ ਦੀ ਸਿਖਰ ਹੈ। ਮੇਰਾ ਵਿਸ਼ਵਾਸ ਹੈ ਕਿ ਗੁਰੂ ਨਾਲ਼ ਲਿਵ ਦੇ ਇਸ ਬਚਨ ਨੂੰ ਭੁਲਾ ਕੇ ਅਸੀਂ ਜ਼ਿੰਦਗੀ ਦੇ ਹਰੇਕ ਖੇਤਰ ਵਿੱਚ ਔਝੜ ਰਾਹਾਂ ਦੇ ਸ਼ਿਕਾਰ ਹੋ ਜਾਵਾਂਗੇ। ਮੁੱਖ ਧਾਰਾ ਦੀ ਗੱਲ ਕਰਨ ਵਾਲ਼ੀ ਅਕਾਲੀ ਰਾਜਨੀਤੀ ਇਸ ਦੀ ਪ੍ਰਤੱਖ ਮਿਸਾਲ ਹੈ। ਇਤਿਹਾਸ ਵਿੱਚ ਅਕਾਲੀ ਆਗੂਆਂ ਨੇ ਜਦ ਤਕ ਖ਼ਾਲਸਾ ਰਾਜ ਦੀ ਇੱਛਾ ਨੂੰ ਮਰਨ ਨਹੀਂ ਦਿੱਤਾ, ਓਦੋਂ ਤਕ ਸਿੱਖ ਰਾਜਨੀਤੀ ਸਿਧਾਂਤਕ ਲੀਹਾਂ ਉੱਪਰ ਟਿਕੀ ਰਹੀ, ਪਰ ਜਦੋਂ ਅਕਾਲੀ ਆਗੂਆਂ ਨੇ ਇਸ ਇੱਛਾ ਨੂੰ ਤਿਆਗ ਕੇ ਖ਼ੁਦਗ਼ਰਜ਼ੀ ਵਾਲ਼ੀ ਸਿਆਸਤ ਫੜ ਲਈ ਤਾਂ ਉਸ ਦੇ ਖ਼ਿਮਿਆਜ਼ੇ ਵਜੋਂ ਹੀ ਸਿੱਖ ਰਾਜਨੀਤੀ ਨੂੰ ਮੌਜੂਦਾ ਸੰਕਟ ਦੇਖਣਾ ਪੈ ਰਿਹਾ ਹੈ। ਮੈਂ ਇਸ ਗੱਲ ਨੂੰ ਚੰਗੀ ਤਰ੍ਹਾਂ ਸਮਝਦਾ ਹਾਂ ਕਿ 1947 ਵਿੱਚ ਜਿਸ ਇਤਿਹਾਸਕ ਫੇਰ- ਬਦਲ ਮੌਕੇ ਅਸੀਂ ਭਾਰਤ ਦੇ ਮੌਜੂਦਾ ਰਾਜਸੀ ਢਾਂਚੇ ਵਿੱਚ ਫਸ ਗਏ ਸੀ, ਪਰ ਅਜੋਕੇ ਸਮੇਂ ਸੰਸਾਰ ਪੱਧਰ ਉੱਪਰ ਦੁਬਾਰਾ ਉੱਭਰ ਕੇ ਆਈ ਵੱਡੀ ਉਥੱਲ-ਪੁਲ ਹੀ ਸਾਡੀ ਰਾਜਸੀ ਹੋਣੀ ਲਈ ਨਵੀਂਆਂ ਸੰਭਾਵਨਾਵਾਂ ਲੈ ਕੇ ਆਵੇਗੀ।

ਖ਼ਾਲਸਾ ਜੀ, ਜਿਹੜੀ ਹਕੂਮਤ, ਜਿਹੜਾ ਸਿਸਟਮ ਸਾਡੇ ਵੀਰਾਂ ਨੂੰ ਸਜ਼ਾਵਾਂ ਪੂਰੀਆਂ ਹੋ ਜਾਣ ਦੇ ਬਾਵਜੂਦ ਰਿਹਾਅ ਕਰਨ ਲਈ ਤਿਆਰ ਨਹੀਂ, ਉਸ ਤੋਂ ਕਿਸੇ ਵੀ ਤਰ੍ਹਾਂ ਇਨਸਾਫ਼ ਦੀ ਆਸ ਨਹੀਂ ਰੱਖੀ ਜਾ ਸਕਦੀ। ਨਾ ਹੀ ਇਹ ਆਸ ਰੱਖੀ ਜਾ ਸਕਦੀ ਹੈ ਕਿ ਉਹ ਥਾਲ਼ੀ ਵਿੱਚ ਪਰੋਸ ਕੇ ਸਿੱਖਾਂ ਨੂੰ ਉਹਨਾਂ ਦੇ ਹੱਕ ਦੇ ਦੇਵੇਗੀ। ਇਹ ਹਕੂਮਤ ਅਤੇ ਸਿਸਟਮ ਤਾਂ ਸਾਡੀ ਹੋਂਦ ਨੂੰ ਹੀ ਦੁਨੀਆ ਦੇ ਨਕਸ਼ੇ ਤੋਂ ਮਿਟਾ ਦੇਣਾ ਚਾਹੁੰਦਾ ਹੈ। ਜੂਨ 1984 ਅਤੇ ਨਵੰਬਰ 1984 ਦੇ ਘੱਲੂਘਾਰੇ ਅਤੇ ਹੁਣ ਨਸ਼ਿਆਂ ਨੂੰ ਹਥਿਆਰ ਬਣਾ ਕੇ ਕੀਤੀ ਜਾ ਰਹੀ ਨਸਲਕੁਸ਼ੀ ਇਸ ਦੀ ਪ੍ਰਤੱਖ ਮਿਸਾਲ ਹੈ। ਅਸੀਂ ਆਪਣੀ ਕੌਮੀ ਹੋਂਦ ਬਚਾਉਣ ਲਈ ਸੰਘਰਸ਼ ਕਰਨਾ ਹੈ। ਹਰ ਹਾਲਾਤ ਅੰਦਰ ਚੜ੍ਹਦੀ ਕਲਾ ਅਤੇ ਗੁਰੂ ਉੱਪਰ ਭਰੋਸਾ ਹੀ ਸਾਨੂੰ ਸਾਡੀ ਮੰਜ਼ਿਲ ਤਕ ਲੈ ਕੇ ਜਾਵੇਗਾ। ਪੰਥਕ ਜਜ਼ਬਾ ਅਤੇ ਸਿੱਖ ਇਖ਼ਲਾਕ ਦੀ ਬੁਲੰਦੀ ਜੇਕਰ ਸਾਡੀ ਪੂੰਜੀ ਹੋਣਗੇ ਤਾਂ ਗੁਰੂ ਸਾਡੇ ਹਮੇਸ਼ਾਂ ਅੰਗ ਸੰਗ ਹੋਵੇਗਾ। ਗੁਰੂ ਦੀ ਅਸੀਸ ਸਦਕਾ ਹੀ ਖ਼ਾਲਸਾ ਹਰ ਮੈਦਾਨ ਫ਼ਤਿਹ ਕਰੇਗਾ। ਗੁਰੂ ਸਾਹਿਬ ਨੇ ਆਪਣੇ ਸਿੱਖਾਂ ਨਾਲ਼ ਇਹ ਬਚਨ ਕੀਤਾ ਹੋਇਆ ਕਿ ਖ਼ਾਲਸਾ ਜਦ ਤਕ ਆਪਣੀ ਨਿਆਰੀ ਹਸਤੀ ਨੂੰ ਬਰਕਰਾਰ ਰੱਖੇਗਾ ਤਾਂ ਗੁਰੂ ਸਾਹਿਬ ਆਪਣੀ ਬਖ਼ਸ਼ਿਸ਼ ਰੂਪੀ ਤਾਕਤ ਖ਼ਾਲਸੇ ਦੀ ਝੋਲ਼ੀ ਪਾਉਂਦੇ ਰਹਿਣਗੇ। ਭਵਿੱਖ ਵਿੱਚ ਸਮੇਂ-ਸਮੇਂ ਤੁਹਾਡੇ ਨਾਲ਼ ਵਿਚਾਰਾਂ ਦੀ ਸਾਂਝ ਪਾਉਣ ਦਾ ਵਾਅਦਾ ਕਰਦਾ ਹੋਇਆ ਫ਼ਤਿਹ ਬੁਲਾਉਂਦਾ ਹਾਂ।

**ਵਾਹਿਗੁਰੂ ਜੀ ਕਾ ਖ਼ਾਲਸਾ॥ ਵਾਹਿਗੁਰੂ ਜੀ ਕੀ ਫ਼ਤਿਹ॥**

**ਗੁਰੂ ਪੰਥ ਦਾ ਦਾਸ, ਅੰਮ੍ਰਿਤਪਾਲ ਸਿੰਘ ਖ਼ਾਲਸਾ (ਨਜ਼ਰਬੰਦ ਡਿਬਰੂਗੜ ਜੇਲ੍ਹ)**

ਜੱਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਦਾ ਸਪੁੱਤਰ ਭਾਈ ਬਲਜੀਤ ਸਿੰਘ ਜੀ ਦੀ ਧਰਮਪਤਨੀ ਬੀਬੀ ਹਰਜਿੰਦਰ ਕੌਰ ਦਾ

# ਜਨਮ ਦਿਨ ਗੁਰਮਤਿ ਮਰਿਆਦਾ ਅਨੁਸਾਰ ਮਨਾਇਆ ਗਿਆ



ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜੱਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਦਾ ਸਪੁੱਤਰ ਭਾਈ ਬਲਜੀਤ ਸਿੰਘ ਜੀ ਦੀ ਧਰਮਪਤਨੀ ਬੀਬੀ ਹਰਜਿੰਦਰ ਕੌਰ ਜੀ ਦਾ ਜਨਮਦਿਨ ਗੁਰਮਤਿ ਮਰਿਆਦਾ ਅਨੁਸਾਰ ਮਨਾਇਆ ਗਿਆ। ਸੰਗਤਾਂ ਵੱਲੋਂ ਰਲ ਮਿਲ ਕੇ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਦੇ ਗ੍ਰਹਿ ਵਿਖੇ ਸੁਖਮਨੀ ਸਾਹਿਬ ਜੀ ਦੇ ਜਾਪ ਕੀਤੇ ਗਏ ਕੜਾਹ ਪ੍ਰਸ਼ਾਦ ਦੀ ਦੇਗ ਸਜਾ ਕਰਕੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਗਈ। ਸੰਗਤਾਂ ਵੱਲੋਂ ਮੂਲ ਮੰਤਰ ਗੁਰਮੰਤ੍ਰ ਅਨੰਦ ਸਾਹਿਬ ਜੀ ਦੇ ਜਾਪ ਕੀਤੇ ਗਏ। ਨਾਲ ਹੀ ਸੰਗਤਾਂ ਵੱਲੋਂ ਸੰਧਿਆ ਸਮੇਂ ਸ੍ਰੀ ਰਹਿਰਾਸ ਸਾਹਿਬ ਜੀ ਦੇ ਜਾਪ ਕੀਤੇ ਗਏ। ਆਈਆਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ। ਇਸੇ ਤਰ੍ਹਾਂ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਸਮੇਤ ਪਰਿਵਾਰ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਪਰਿਵਾਰ ਨੂੰ ਲੱਖ ਲੱਖ ਵਧਾਈਆਂ ਦਿੱਤੀਆਂ ਅਤੇ ਬੋਲਦਿਆਂ ਦੱਸਿਆ ਕਿ ਸਾਨੂੰ ਇਸ ਗੁਰਮੁੱਖ ਪਰਿਵਾਰ ਤੋਂ ਸਿੱਖਿਆ ਲੈਣੀ ਚਾਹੀਦੀ ਹੈ ਕਿ ਸਾਨੂੰ ਆਪਣੇ ਬੱਚਿਆਂ ਦੇ ਜਨਮ ਦਿਨ ਗੁਰਮਤਿ ਮਰਿਆਦਾ ਅਨੁਸਾਰ ਮਨਾਉਣੇ ਚਾਹੀਦੇ ਹਨ ਨਾ ਕਿ ਕੇਕ ਕੱਟ ਕੇ। ਇਹ ਗੁਰਮੁਖ ਪਰਿਵਾਰ ਦਾ ਬਹੁਤ ਵਧੀਆ ਸ਼ਲਾਘਾ ਯੋਗ ਕਦਮ ਹੈ। ਇਸੇ ਤਰ੍ਹਾਂ ਭਾਈ ਗੁਰਭੇਜ ਸਿੰਘ ਜੀ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ ਅਤੇ ਸਮੂਹ ਪਰਿਵਾਰ ਵੱਲੋਂ ਆਈਆਂ ਸੰਗਤਾਂ ਨੂੰ ਜੀ ਆਇਆ ਕਿਹਾ ਅਤੇ ਧੰਨਵਾਦ ਕੀਤਾ। ਇਸ ਮੌਕੇ ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ , ਸ੍ਰ ਜੈਪਾਲ ਸਿੰਘ ਸਪੁੱਤਰ ਸ੍ਰ ਗੁਰਸੇਵਕ ਸਿੰਘ, ਸ੍ਰ ਪਰਮਿੰਦਰ ਸਿੰਘ ਮੱਲ੍ਹੀ, ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ ਜ਼ਿਲ੍ਹਾ ਪ੍ਰੈਸ ਸਕੱਤਰ ਤਰਨਤਾਰਨ ਹਾਜ਼ਰ ਸਨ।

ਜਥੇਦਾਰ ਬਾਬਾ ਗੁਰਮੇਲ ਸਿੰਘ ਜੀ ਰੋਡੇ ਵਾਲਿਆਂ ਦੇ ਗ੍ਰਹਿ ਵਿਖੇ

# ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਜੱਥੇ ਸਮੇਤ ਪਹੁੰਚੇ



ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)-ਦਮਦਮੀ ਟਕਸਾਲ ਦੇ ਵਿਦਿਆਰਥੀ ਜੱਥੇਦਾਰ ਬਾਬਾ ਗੁਰਮੇਲ ਸਿੰਘ ਜੀ ਰੋਡੇ ਵਾਲਿਆਂ ਦੇ ਗ੍ਰਹਿ ਵਿਖੇ ਇੰਟਰਨੈਸ਼ਨਲ ਪੰਥਕ ਦਲ ਦੇ ਕਾਰਜਕਾਰੀ ਪੰਜਾਬ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਅਤੇ ਜਥੇਬੰਦੀ ਦੇ ਸਮੂਹ ਆਗੂ ਸਾਹਿਬਾਨ ਪਹੁੰਚੇ। ਪਰਿਵਾਰ ਵੱਲੋਂ ਸਿੰਘਾਂ ਦੀ ਬਹੁਤ ਹੀ ਸ਼ਰਧਾ ਭਾਵਨਾ ਨਾਲ ਜਲ ਪਾਣੀ ਕਰਕੇ ਸੇਵਾ ਕੀਤੀ ਗਈ। ਦੱਸਣਯੋਗ ਹੈ ਕਿ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਜਿਨਾ ਨੇ ਜੂਨ 84 ਵੇਲੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਜੂਝ ਕੇ ਸ਼ਹਾਦਤ ਪਾਈ ਤਿਨਾ ਦੀ ਬੇਟੀ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੇ ਭੈਣ ਜੀ ਭੈਣ ਦਵਿੰਦਰ ਕੌਰ ਜੀ ਦਾ ਵਿਆਹ ਦਮਦਮੀ ਟਕਸਾਲ ਦੇ ਵਿਦਿਆਰਥੀ ਜਥੇਦਾਰ ਬਾਬਾ ਗੁਰਮੇਲ ਸਿੰਘ ਜੀ ਨਾਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਆਪਣੇ ਹੱਥੀਂ ਕੀਤਾ। ਪਰਿਵਾਰ ਵੱਲੋਂ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਦਾ ਸਿਰਪਾਉ ਅਤੇ ਲੋਈ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਸ੍ਰ ਇੰਦਰਜੀਤ ਸਿੰਘ ਰੋਡੇ, ਸ੍ਰ ਅਮਰਜੀਤ ਸਿੰਘ ਰੋਡੇ, ਸ੍ਰ ਇਕਬਾਲ ਸਿੰਘ, ਭਾਈ ਰਜਿੰਦਰ ਸਿੰਘ ਜੀ ਰਾਜਾ ਜਿਲਾ ਪ੍ਰਧਾਨ ਗੁਰਦਾਸਪੁਰ, ਭਾਈ ਬਲਬੀਰ ਸਿੰਘ ਜੀ ਲੱਧਾ ਮੁੰਡਾ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ, ਭਾਈ ਮਨਪ੍ਰੀਤ ਸਿੰਘ ਜੀ ਸੋਹੀ ਇਕਾਈ ਪ੍ਰਧਾਨ ਦਸ਼ਮੇਸ਼ ਨਗਰ, ਸ੍ਰ ਅਜੈਦੀਪ ਸਿੰਘ ਆਦਿ ਹਾਜ਼ਰ ਸਨ।



# ਅਤੀਤ, ਵਰਤਮਾਨ ਅਤੇ ਭਵਿੱਖ ਵਿੱਚ ਸਿੱਖਿਆ ਪ੍ਰਣਾਲੀ ਵਿੱਚ ਤਬਦੀਲੀਆਂ

**ਸਿੱਖਿਆ** ਸਿੱਖਣ ਜਾਂ ਗਿਆਨ, ਹੁਨਰ, ਕਦਰਾਂ-ਕੀਮਤਾਂ, ਵਿਸ਼ਵਾਸਾਂ ਅਤੇ ਆਦਤਾਂ ਦੀ ਪ੍ਰਾਪਤੀ ਦੀ ਪ੍ਰਕਿਰਿਆ ਹੈ। ਪੁਰਾਤਨ ਸਭਿਅਤਾ ਕਾਲ ਤੋਂ ਹੀ ਸਿੱਖਿਆ ਪ੍ਰਣਾਲੀ ਮਜ਼ਬੂਤ ? ?ਹੁੰਦੀ ਜਾ ਰਹੀ ਸੀ। ਸਭਿਅਤਾ ਦੇ ਸਮੇਂ ਦੌਰਾਨ ਲੋਕਾਂ ਨੂੰ ਵਿਅਕਤੀ ਤੋਂ ਵਿਅਕਤੀ ਅਤੇ ਪੀੜ੍ਹੀ ਤੋਂ ਪੀੜ੍ਹੀ ਤੱਕ ਗਿਆਨ ਸੰਚਾਰਿਤ ਕਰਨ ਲਈ ਲਿਖਣ ਅਤੇ ਪੜ੍ਹਨ ਦਾ ਅਧਿਐਨ ਕਰਨ ਦੀ ਲੋੜ ਹੁੰਦੀ ਹੈ। ਉਸ ਸਮੇਂ ਤੋਂ ਸਿੱਖਿਆ ਆਪਣੇ ਆਪ ਵਿੱਚ ਹਰ ਇੱਕ ਦੇ ਜੀਵਨ ਦਾ ਇੱਕ ਮਹੱਤਵਪੂਰਨ ਹਿੱਸਾ ਬਣ ਰਹੀ ਹੈ ਅਤੇ ਇਹ ਅਜੇ ਵੀ ਜਾਰੀ ਹੈ ਅਤੇ ਸਦਾ ਲਈ ਰਹੇਗੀ। ਸਿੱਖਿਆ ਹਰ ਇੱਕ ਦੇ ਜੀਵਨ ਵਿੱਚ ਮੁੱਢਲੀ ਚੀਜ਼ ਹੈ। ਇਸ ਸਮਾਜ ਵਿੱਚ ਰਹਿਣ ਲਈ ਹਰੇਕ ਨੂੰ ਮੁੱਢਲੀ ਸਿੱਖਿਆ ਹਾਸਲ ਕਰਨੀ ਚਾਹੀਦੀ ਹੈ। ਸਿੱਖਿਆ ਇੱਕ ਉਪ ਪ੍ਰਣਾਲੀ ਹੈ ਜੋ ਸਮੁੱਚੇ ਸਮਾਜ ਲਈ ਕੁਝ ਕਾਰਜ ਕਰਦੀ ਹੈ। ਹਰ ਪੀੜ੍ਹੀ ਵਿੱਚ ਤਬਦੀਲੀਆਂ ਆਮ ਹੁੰਦੀਆਂ ਹਨ। ਅਤੇ ਜਦੋਂ ਅਸੀਂ ਇੱਕ ਪੀੜ੍ਹੀ ਤੋਂ ਅਗਲੀ ਪੀੜ੍ਹੀ ਵਿੱਚ ਜਾਂਦੇ ਹਾਂ ਤਾਂ ਅਸੀਂ ਸਿੱਖਿਆ ਪ੍ਰਣਾਲੀ ਵਿੱਚ ਕੁਝ ਤਬਦੀਲੀਆਂ ਦਾ ਸਾਹਮਣਾ ਕਰ ਸਕਦੇ ਹਾਂ। ਆਉ ਹੁਣ ਤਬਦੀਲੀਆਂ ਬਾਰੇ ਚਰਚਾ ਕਰੀਏ। ਪਿਛਲੀ ਸਿੱਖਿਆ ਪ੍ਰਣਾਲੀ ਪੁਰਾਣੇ ਜ਼ਮਾਨੇ ਵਿਚ ਵੀ ਸਿੱਖਿਆ ਮਜ਼ਬੂਤ ਸੀ। ਪੁਰਾਤਨ ਸਮੇਂ ਦੀ ਸਿੱਖਿਆ ਪ੍ਰਣਾਲੀ ਵੈਦਿਕ, ਬ੍ਰਾਹਮਣਵਾਦੀ, ਮੁਸਲਿਮ, ਅੰਗਰੇਜ਼ਾਂ ਦੇ ਦੌਰ ਦੇ ਆਧਾਰ 'ਤੇ ਬਦਲ ਗਈ। ਵੈਦਿਕ ਕਾਲ ਵਿੱਚ ਸਕੂਲ ਬੋਰਡਿੰਗ ਬਣ ਰਹੇ ਸਨ ਅਤੇ ਵਿਦਿਆਰਥੀ ਅਧਿਆਪਕ ਦੇ ਹਵਾਲੇ ਕਰ ਦਿੱਤੇ ਗਏ ਸਨ। ਉਸ ਸਮੇਂ ਸਰੀਰਕ ਸਿੱਖਿਆ ਲਾਜ਼ਮੀ ਸੀ। ਯੁੱਧ ਵਿਚ ਸਿਖਲਾਈ ਦਿੱਤੀ ਜਾਂਦੀ ਸੀ। ਇਸ ਤੋਂ ਇਲਾਵਾ ਕਲਾ ਅਤੇ ਸ਼ਿਲਪਕਾਰੀ ਦੇ ਕੰਮਾਂ ਦੀ ਸਿਖਲਾਈ ਦਿੱਤੀ ਜਾਂਦੀ ਹੈ। ਬ੍ਰਾਹਮਣੀ ਕਾਲ ਵਿੱਚ। ਵਿਦਿਆਰਥੀਆਂ ਨੇ ਵੈਦਿਕ ਸਾਹਿਤ ਦਾ ਅਧਿਐਨ ਕਰਨਾ ਸੀ। ਇਸ ਦਾ ਮੁੱਖ ਉਦੇਸ਼ ਵੇਦ ਸਿੱਖਣਾ ਹੈ ਪਰ ਇਹ ਨਿਮਨ ਵਰਗ ਦੇ ਲੋਕਾਂ ਤੱਕ ਸੀਮਤ ਸੀ। ਇਹ ਉਸ ਦੌਰ ਦੀ ਸਿੱਖਿਆ ਪ੍ਰਣਾਲੀ ਦਾ ਮੁੱਖ ਨੁਕਸ ਹੈ। ਮੁਸਲਿਮ ਕਾਲ ਦੌਰਾਨ ਸਿੱਖਿਆ ਪ੍ਰਣਾਲੀ ਦੇ ਉਦੇਸ਼ ਪੂਰੀ ਤਰ੍ਹਾਂ ਬਦਲ ਗਏ। ਸਾਰੀਆਂ ਜਾਤਾਂ ਲਈ ਆਯਾਤ ਸਕੂਲ ਸਿੱਖਿਆ ਪ੍ਰਣਾਲੀ। ਕਿੱਤਾਮੁਖੀ ਸਿੱਖਿਆ ਉਸ ਸਮੇਂ ਵਿੱਚ ਉਭਰੀ ਸੀ ਅਤੇ ਇਹ ਵਿਦਿਆਰਥੀਆਂ ਨੂੰ ਕੁਝ ਸ਼ਿਲਪਕਾਰੀ ਸਿਖਾਉਂਦੀ ਹੈ। ਅੰਗਰੇਜ਼ਾਂ ਦੇ ਹਮਲੇ ਨੇ ਸਿੱਖਿਆ ਦੇ ਖੇਤਰ ਵਿੱਚ ਕੁਝ ਫਾਇਦੇ ਕੀਤੇ। ਸਿੱਖਿਆ ਪ੍ਰਣਾਲੀ ਵਿੱਚ ਉਨ੍ਹਾਂ ਦਾ ਯੋਗਦਾਨ ਅੱਜ ਵੀ ਯਾਦ ਕਰਾ ਰਿਹਾ ਸੀ। ਬ੍ਰਿਟਿਸ਼ ਸਿੱਖਿਆ ਸਕੂਲ ਜਾਣ ਨੂੰ ਜ਼ਿਆਦਾ ਮਹੱਤਵ ਦਿੰਦੀ ਹੈ। ਕਈ ਸਕੂਲਾਂ ਦੀ ਸਥਾਪਨਾ ਕੀਤੀ ਅਤੇ ਸਿੱਖਿਆ ਪ੍ਰਣਾਲੀ ਵਿਚ ਕਈ ਸਹੂਲਤਾਂ ਪ੍ਰਦਾਨ ਕੀਤੀਆਂ। ਸਿੱਖਿਆ ਦੇ ਸਿਲੇਬਸ ਵਿੱਚ ਕੁਝ ਬਦਲਾਅ ਕੀਤੇ ਜਾਣ। ਸਿੱਖਿਆ ਪ੍ਰਣਾਲੀ ਅਧਿਆਪਕਾਂ ਅਤੇ ਵਿਦਿਆਰਥੀਆਂ ਦੋਵਾਂ ਨੂੰ ਬਰਾਬਰ ਮਹੱਤਵ ਦਿੰਦੀ ਹੈ। ਮੌਜੂਦਾ ਸਿੱਖਿਆ ਪ੍ਰਣਾਲੀ ਅਜੋਕੀ ਸਿੱਖਿਆ ਅਤੀਤ ਨਾਲੋਂ ਬਹੁਤ ਵੱਖਰੀ ਹੈ। ਇਹ ਨੌਜਵਾਨਾਂ ਦੇ ਭਵਿੱਖ ਨੂੰ ਵਿਕਸਤ ਕਰਨ ਵਿੱਚ ਕੋਈ ਮਹੱਤਵਪੂਰਨ ਭੂਮਿਕਾ ਨਹੀਂ ਨਿਭਾਉਂਦੀ। ਆਧੁਨਿਕ ਸਿੱਖਿਆ ਪ੍ਰਣਾਲੀ ਦਾ ਮੁੱਖ ਉਦੇਸ਼ ਪੈਸਾ ਕਮਾਉਣਾ ਹੈ। ਸਿੱਖਿਆ ਸੰਸਥਾਵਾਂ ਦੇ ਮਾਲਕ ਆਪਣੇ ਵਿੱਤੀ ਵਿਕਾਸ ਲਈ ਸਿੱਖਿਆ ਦੀ ਵਰਤੋਂ ਕਰਦੇ ਹਨ। ਇਸਦੀ ਮਹੱਤਤਾ ਨੂੰ ਸਮਝਣ ਦੀ ਕੋਸ਼ਿਸ਼ ਨਾ ਕਰੋ। ਇਹ ਸਿੱਖਿਆ ਵਿਦਿਆਰਥੀਆਂ ਨੂੰ ਬਿਨਾਂ ਕਿਸੇ ਗਿਆਨ ਦੇ ਡਿਗਰੀ ਅਤੇ ਡਿਪਲੋਮਾ ਦਿੰਦੀ ਹੈ। ਇਸ ਕਾਰੋਬਾਰੀ ਮਾਨਸਿਕਤਾ ਕਾਰਨ ਸਿੱਖਿਆ ਦੇ ਵਿਦਿਆਰਥੀ ਸਹੀ ਨੌਕਰੀ ਲਈ ਯੋਗ ਨਹੀਂ ਹਨ। ਸਿੱਖਿਆ ਸਿਰਫ਼ ਚੰਗੀ ਡਿਗਰੀ ਲਈ ਨਹੀਂ, ਸਗੋਂ ਜ਼ਿੰਦਗੀ ਦੀਆਂ ਕੁਝ ਨੈਤਿਕ ਗੱਲਾਂ ਦਾ ਅਧਿਐਨ ਕਰਨਾ ਵੀ ਹੈ। ਨਵੀਂ ਪੀੜ੍ਹੀ ਦੇ ਵਿਦਿਆਰਥੀਆਂ ਨੂੰ ਸੱਭਿਆਚਾਰਕ ਕਦਰਾਂ-ਕੀਮਤਾਂ ਅਤੇ ਸਮਾਜ ਦੀ ਮਹੱਤਤਾ ਬਾਰੇ ਕੋਈ ਜਾਣਕਾਰੀ ਨਹੀਂ ਹੈ। ਕਿਉਂਕਿ ਇਸ ਮੌਜੂਦਾ ਸਿੱਖਿਆ ਪ੍ਰਣਾਲੀ ਵਿੱਚ ਅਧਿਆਪਕ ਇਸ ਨੂੰ ਪੜ੍ਹਾਉਣ ਲਈ ਤਿਆਰ ਨਹੀਂ ਹਨ। ਅੱਜ ਦੀ ਸਿੱਖਿਆ ਪ੍ਰਣਾਲੀ ਵਿਦਿਆਰਥੀਆਂ ਨੂੰ ਇਹ ਸਿਖਲਾਈ ਨਹੀਂ ਦਿੰਦੀ ਕਿ ਉਹ ਆਪਣੇ ਅਮਲੀ ਜੀਵਨ ਵਿੱਚ ਕੀ ਚਾਹੁੰਦੇ ਹਨ। ਇਹੀ ਕਾਰਨ ਹੈ ਕਿ ਅੱਜ ਉਨ੍ਹਾਂ ਵਿਚੋਂ ਬਹੁਤੇ ਇੰਟਰਵਿਊ ਪ੍ਰਕਿਰਿਆ ਦੌਰਾਨ ਅਯੋਗ ਹੋ ਗਏ ਹਨ। ਅੱਜਕੱਲ੍ਹ ਸਿੱਖਿਆ ਤਕਨਾਲੋਜੀ ਨੂੰ ਜ਼ਿਆਦਾ ਮਹੱਤਵ ਦਿੰਦੀ ਹੈ। ਔਨਲਾਈਨ ਸਿੱਖਿਆ ਪ੍ਰਣਾਲੀ ਦੇ ਫਾਇਦੇ ਅਤੇ ਨੁਕਸਾਨ ਦੋਵੇਂ ਹਨ। ਭਵਿੱਖ ਦੀ ਸਿੱਖਿਆ ਪ੍ਰਣਾਲੀ ਇਨ੍ਹੀਂ ਦਿਨੀਂ ਸਿੱਖਿਆ ਪ੍ਰਣਾਲੀ ਵਿੱਚ ਤੇਜ਼ੀ ਨਾਲ ਤਬਦੀਲੀ ਆ ਰਹੀ ਹੈ। ਸਿੱਖਿਆ ਪ੍ਰਣਾਲੀ ਦਾ ਭਵਿੱਖ ਅਨਿਸ਼ਚਤ ਹੈ, ਫਿਰ ਵੀ ਕੋਈ ਇਸਦੀ ਭਵਿੱਖਬਾਣੀ ਕਰ ਸਕਦਾ ਹੈ। ਭਵਿੱਖ ਦੀ ਸਿੱਖਿਆ ਪ੍ਰਣਾਲੀ ਬਾਰੇ ਕੋਈ ਸ਼ੱਕ ਨਹੀਂ। ਕੁਝ ਤਬਦੀਲੀਆਂ ਕਰਨ ਲਈ ਦਾਇਰ ਸਿੱਖਿਆ ਵਿੱਚ ਅਜੇ ਵੀ ਨਵੀਆਂ ਤਬਦੀਲੀਆਂ ਕੀਤੀਆਂ ਜਾਂਦੀਆਂ ਹਨ। ਸਰਕਾਰੀ ਅਧਿਕਾਰੀ ਵੀ ਹਨਇਸ ਲਈ ਜ਼ਿੰਮੇਵਾਰ ਹਨ ਅਤੇ ਉਹ ਸਿੱਖਿਆ ਪ੍ਰਣਾਲੀ ਵਿਚ ਕੁਝ ਲਾਭਦਾਇਕ ਤਬਦੀਲੀਆਂ ਕਰਨ ਲਈ ਉਚਿਤ ਕਾਰਵਾਈ ਕਰਨ ਲਈ ਤਿਆਰ ਹਨ। ਭਵਿੱਖ ਦੀ ਸਿੱਖਿਆ ਪ੍ਰਣਾਲੀ ਨੈਤਿਕ ਸਿੱਖਿਆ ਨਾਲੋਂ ਤਕਨੀਕੀ ਅਤੇ ਪੇਸ਼ੇਵਰ ਸਿੱਖਿਆ ਨੂੰ ਜ਼ਿਆਦਾ ਮਹੱਤਵ ਦੇਵੇਗੀ। ਦੇਸ਼ਾਂ ਦੇ ਵਿਕਾਸ ਨੂੰ ਜ਼ਿਆਦਾ ਮਹੱਤਵ ਦਿਓ। ਵਿਦਿਆਰਥੀਆਂ ਨੂੰ ਪੇਸ਼ੇਵਰ ਗੁਣਾਂ ਨੂੰ ਬਣਾਉਣ ਲਈ ਵਧੇਰੇ ਸਿਖਲਾਈ ਦਿਓ। ਪੜ੍ਹੇ-ਲਿਖੇ ਲੋਕ ਹੀ ਕੌਮ ਦਾ ਮੁੱਖ ਸਰਮਾਇਆ ਹੁੰਦੇ ਹਨ। ਨਿੱਜੀ ਅਤੇ ਸਮਾਜਿਕ ਜੀਵਨ ਦੇ ਵਿਕਾਸ ਲਈ, ਸਿੱਖਿਆ ਬਹੁਤ ਵੱਡੀ ਭੂਮਿਕਾ ਨਿਭਾਉਂਦੀ ਹੈ। ਇਹ ਕੱਲ੍ਹ ਦੇ ਨੇਤਾਵਾਂ ਨੂੰ ਘੜਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਸਿੱਖਿਆ ਮਨੁੱਖ ਦੀ ਜੜ੍ਹ ਹੈ ਅਤੇ ਇਹ ਜੀਵਨ ਦੀ ਹਰ ਅਸੰਭਵ ਚੀਜ਼ ਨੂੰ ਸੰਭਵ ਬਣਾ ਸਕਦੀ ਹੈ।

**-ਵਿਜੇ ਗਰਗ, ਮਲੋਟ**



ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243